ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 9 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੪ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243



## ਪੰਥ ਲਈ ਹੱਸ-ਹੱਸ ਫਾਂਸੀ ਦਾ ਰੱਸਾ ਚੁੰਮ ਕੇ ਮਹਾਨ ਸ਼ਹੀਦੀਆਂ ਪਾਉਣ ਵਾਲੇ ਭਾਈ ਸੁੱਖਾ ਤੇ ਭਾਈ ਜਿੰਦਾ ਨੂੰ ਪ੍ਰਣਾਮ ਕਰਦੇ ਹਾਂ।

## ਸ੍ਰੀ ਹਰਿਮੰਦਰ ਸਾਹਿਬ ਆਉਣ ਵਾਲੀ ਸੰਗਤ ਲਈ ਅਹਿਮ ਖ਼ਬਰ

**ਅੰਮ੍ਰਿਤਸਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਐਜੂਕੇਸ਼ਨ ਕਮੇਟੀ ਦੀਆਂ ਵੱਖ-ਵੱਖ ਤਿੰਨ ਅਹਿਮ ਬੈਠਕਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਹੋਈਆਂ।



ਇਸ ਦੌਰਾਨ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਰੂਪ ਰੇਖਾ ਦੇ ਨਾਲ-ਨਾਲ ਸਿੱਖ ਸਾਹਿਤ ਦੀਆਂ ਨਵੀਆਂ ਪ੍ਰਕਾਸ਼ਨਾਵਾਂ ਅਤੇ ਵਿਦਿਅਕ ਅਦਾਰਿਆਂ ਦੇ ਮਾਮਲੇ ਵਿਚਾਰੇ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਅੰਦਰ ਸੰਗਤ ਵੱਲੋਂ ਸ਼ਰਧਾ ਅਤੇ ਸਤਿਕਾਰ ਵਜੋਂ ਵੱਡੀ ਗਿਣਤੀ ਵਿਚ ਰੁਮਾਲਾ ਸਾਹਿਬ ਭੇਟ ਕੀਤੇ ਜਾਂਦੇ ਹਨ ਪਰ ਅਕਸਰ ਹੀ ਰੁਮਾਲਿਆਂ ਦੀ ਗੁਣਵੱਤਾ ਤੇ ਮਿਆਰ ਠੀਕ ਨਹੀਂ ਹੁੰਦਾ। ਇਸ ਦੇ ਨਾਲ ਹੀ ਰੁਮਾਲਿਆਂ ਦੀ ਬਹੁਤਾਤ ਕਾਰਨ ਸਾਂਭ-ਸੰਭਾਲ ਵਿਚ ਵੱਡੀ ਸਮੱਸਿਆ ਬਣਦੀ ਹੈ। ਇਸ ਦੇ ਮੱਦੇਨਜ਼ਰ ਵਿਚਾਰ-ਵਟਾਂਦਰੇ ਉਪਰੰਤ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਗੁਰਦੁਆਰਾ ਸਾਹਿਬਾਨ ਅੰਦਰ ਵਿਸ਼ੇਸ਼ ਕਾਊਂਟਰ ਸਥਾਪਿਤ ਕੀਤੇ ਜਾਣਗੇ, ਜਿਥੇ ਸੰਗਤ ਰੁਮਾਲਾ ਸਾਹਿਬ ਲਈ ਯਥਾਸ਼ਕਤ ਭੇਟਾ ਜਮ੍ਹਾ ਕਰਵਾ ਸਕੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਿਰੋਪਾਓ ਦੀ ਵਰਤੋਂ ਇਸ ਦੀ ਭਾਵਨਾ ਅਤੇ ਧਾਰਮਿਕ ਮਹੱਤਵ ਅਨੁਸਾਰ ਯਕੀਨੀ ਬਣਾਉਣ ਲਈ ਬੀਤੇ ਸਮੇਂ ਵਿਚ ਸ਼ੁਰੂ ਕੀਤੇ ਗਏ ਯਤਨਾਂ ਨੂੰ ਹੋਰ ਵਧੀਆ ਢੰਗ ਨਾਲ ਲਾਗੂ ਕੀਤਾ ਜਾਵੇਗਾ। ਇਸ ਨੂੰ ਸੰਕੋਚ ਕੇ ਕੇਵਲ ਧਾਰਮਿਕ ਤੇ ਪੰਥਕ ਸ਼ਖ਼ਸੀਅਤਾਂ ਤੱਕ ਹੀ ਸੀਮਤ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਮਾਤਾ ਗੁਜਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਇਸੇ ਸਾਲ 22 ਨਵੰਬਰ ਨੂੰ ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ ਜਲੰਧਰ ਵਿਖੇ ਪੰਥਕ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਵੱਖ-ਵੱਖ ਈ-ਕਾਮਰਸ ਵੈੱਬਸਾਈਟਾਂ ਤੇ ਐਪਸ ’ਤੇ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ, ਸੈਂਚੀਆਂ ਦੀ ਕੀਤੀ ਜਾ ਰਹੀ ਆਨਲਾਈਨ ਵਿਕਰੀ ਦਾ ਵੀ ਸਖ਼ਤ ਨੋਟਿਸ ਲੈ ਕੇ ਇਸ ’ਤੇ ਮੁਕੰਮਲ ਪਾਬੰਦੀ ਲਗਾਉਣ ਦਾ ਮਤਾ ਪਾਸ ਕੀਤਾ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਮਾਮਲਾ ਬੇਹੱਦ ਗੰਭੀਰ ਹੈ, ਕਿਉਂਕਿ ਇਸ ਨਾਲ ਗੁਰਬਾਣੀ ਦੀ ਮਾਣ-ਮਰਿਆਦਾ ਅਤੇ ਸਤਿਕਾਰ ਨੂੰ ਢਾਅ ਲੱਗ ਰਹੀ ਹੈ। ਇਕੱਤਰਤਾ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਆਦਿ ਮੌਜੂਦ ਸਨ।




## ਪੰਜਾਬ ’ਚ ਖ਼ਤਰੇ ਦੀ ਘੰਟੀ, ਤੇਜ਼ੀ ਨਾਲ ਫੈਲ ਰਿਹਾ ਡੇਂਗੂ

**ਜਲੰਧਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕਈ ਸ਼ਹਿਰਾਂ ਵਿਚ ਡੇਂਗੂ ਲਗਾਤਾਰ ਪੈਰ ਪਸਾਰ ਰਿਹਾ ਹੈ, ਹਾਲਾਂਕਿ ਬੀਤੇ ਸਾਲਾਂ ਦੇ ਮੁਕਾਬਲੇ ਸਿਹਤ ਵਿਭਾਗ ਦੇ ਯਤਨਾ ਸਦਕਾ ਡੇਂਗੂ ਘੱਟ ਭਾਰੂ ਰਿਹਾ ਪਰ ਇਸ ਦੇ ਬਾਵਜੂਦ ਪੰਜਾਬ ਦੇ ਕਈ ਇਲਾਕੇ ਇਸ ਦੀ ਲਪੇਟ ਵਿਚ ਹਨ। ਦੂਜੇ ਪਾਸੇ ਜਲੰਧਰ ਵਿਚ ਸਿਹਤ ਵਿਭਾਗ ਵੱਲੋਂ ਸੋਮਵਾਰ ਨੂੰ ਡੇਂਗੂ ਦੇ ਸ਼ੱਕੀ ਜਿਹੜੇ 25 ਮਰੀਜ਼ਾਂ ਦੇ ਟੈਸਟ ਕੀਤੇ ਗਏ, ਉਨ੍ਹਾਂ ਵਿਚੋਂ 7 ਦੀ ਰਿਪੋਰਟ ਪਾਜ਼ੇਟਿਵ ਆਈ। ਜ਼ਿਲ੍ਹਾ ਐਪੀਡੀਮਾਇਲੋਜਿਸਟ ਡਾ. ਸ਼ੋਭਨਾ ਬਾਂਸਲ ਨੇ ਦੱਸਿਆ ਕਿ ਡੇਂਗੂ ਪਾਜ਼ੇਟਿਵ ਆਉਣ ਵਾਲੇ 7 ਮਰੀਜ਼ਾਂ ਵਿਚੋਂ 3 ਮਰੀਜ਼ ਜ਼ਿਲ੍ਹੇ ਦੇ ਰਹਿਣ ਵਾਲੇ ਹਨ, ਜਦਕਿ 4 ਮਰੀਜ਼ ਹੋਰਨਾਂ ਜ਼ਿਲਿਆਂ ਨਾਲ ਸਬੰਧਤ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਡੇਂਗੂ ਪਾਜ਼ੇਟਿਵ ਆਉਣ ਵਾਲਾ 44 ਸਾਲਾ ਮਰਦ ਮਾਨ ਸਿੰਘ ਨਗਰ, 26 ਸਾਲਾ ਮਰਦ ਗੁਰੂ ਅਮਰ ਦਾਸ ਨਗਰ ਅਤੇ 28 ਸਾਲਾ ਔਰਤ ਰਿਸ਼ੀ ਨਗਰ ਦੀ ਰਹਿਣ ਵਾਲੀ ਹੈ। ਜ਼ਿਲ੍ਹੇ ਵਿਚ ਡੇਂਗੂ ਪਾਜ਼ੇਟਿਵ ਆਉਣ ਵਾਲੇ ਮਰੀਜ਼ਾਂ ਦੀ ਗਿਣਤੀ 61 ’ਤੇ ਪਹੁੰਚ ਗਈ ਹੈ। ਡਾ. ਸ਼ੋਭਨਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਐਂਟੀ ਲਾਰਵਾ ਟੀਮਾਂ ਨੇ ਸੋਮਵਾਰ ਨੂੰ ਜ਼ਿਲ੍ਹੇ ਦੇ 3273 ਘਰਾਂ ਵਿਚ ਸਰਵੇ ਕੀਤਾ ਅਤੇ ਉਨ੍ਹਾਂ ਨੂੰ ਸ਼ਹਿਰੀ ਇਲਾਕਿਆਂ ਵਿਚ 10 ਅਤੇ ਦਿਹਾਤੀ ਇਲਾਕਿਆਂ ਵਿਚ 4 ਸਥਾਨਾਂ ’ਤੇ ਡੇਂਗੂ ਬੁਖਾਰ ਫੈਲਾਉਣ ਵਾਲੇ ਮੱਛਰਾਂ ਦਾ ਲਾਰਵਾ ਮਿਲਿਆ।

## ਨੱਕ ਵੀ ਨਾ ਬਚਾ ਸਕੇ ਦੁਸ਼ਯੰਤ ਚੌਟਾਲਾ

# ਹਰਿਆਣਾ ’ਚ ਭਾਜਪਾ ਦੀ ਹੈਟ੍ਰਿਕ

**ਨਵੀਂ ਦਿੱਲੀ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਵਿਧਾਨ ਸਭਾ ਚੋਣਾਂ ਦੇ ਭਾਜਪਾ ਨੇ ਹੈਟ੍ਰਿਕ ਜੜ ਦਿੱਤੀ ਹੈ, ਜਿਸ ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਇੱਥੇ ਸਥਿਤ ਮੁੱਖ ਦਫ਼ਤਰ ਵਿੱਚ ਮੰਗਲਵਾਰ ਦੁਪਹਿਰ ਨੂੰ ਹੀ ਜਸ਼ਨ ਦੀ ਸ਼ੁਰੂਆਤ ਹੋ ਗਈ। ਚੋਣ ਕਮਿਸ਼ਨ ਦੇ ਅੰਕੜਿਆਂ ਅਨੁਸਾਰ ਭਾਜਪਾ ਨੇ ਹਰਿਆਣਾ ਵਿੱਚ 48 ਸੀਟਾਂ ਜਿੱਤੀਆਂ। ਹਰਿਆਣਾ ਵਿੱਚ ਭਾਜਪਾ ਦਾ ਹੁਣ ਤੱਕ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਰਿਹਾ। ਹਰਿਆਣਾ ਵਿੱਚ ਭਾਜਪਾ ਨੂੰ 2019 ਦੀਆਂ ਵਿਧਾਨ ਸਭਾ ਚੋਣਾਂ ਵਿੱਚ 40 ਅਤੇ 2014 ਦੀਆਂ ਵਿਧਾਨ ਸਭਾ ਚੋਣਾਂ ਵਿੱਚ 47 ਸੀਟਾਂ ਮਿਲੀਆਂ ਸਨ।




**ਨੱਕ ਵੀ ਨਾ ਬਚਾ ਸਕੇ ਦੁਸ਼ਯੰਤ ਚੌਟਾਲਾ, ਜ਼ਿਆਦਾਤਰ ਉਮੀਦਵਾਰਾਂ ਦੀ ਜ਼ਮਾਨਤ ਹੋਈ ਜ਼ਬਤ** : ਹਰਿਆਣਾ ’ਚ ਸਾਬਕਾ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਦੀ ਪਾਰਟੀ ਜੇਜੇਪੀ ਦੀ ਗੱਲ ਕਰੀਏ ਤਾਂ ਰੁਝਾਨਾਂ ਮੁਤਾਬਕ ਜੇਜੇਪੀ ਹਰਿਆਣਾ ’ਚ ਇਕ ਵੀ ਸੀਟ ਨਹੀਂ ਜਿੱਤ ਰਹੀ ਹੈ। ਇਸ ਦੇ ਸਾਰੇ ਉਮੀਦਵਾਰ ਬੁਰੀ ਤਰ੍ਹਾਂ ਹਾਰ ਰਹੇ ਹਨ। ਅਜਿਹੇ ’ਚ ਕਿਹਾ ਜਾ ਸਕਦਾ ਹੈ ਕਿ ਜੇਜੇਪੀ ਦਾ ਹਰਿਆਣਾ ’ਚੋਂ ਪੂਰੀ ਤਰ੍ਹਾਂ ਸਫਾਇਆ ਹੁੰਦਾ ਨਜ਼ਰ ਆ ਰਿਹਾ ਹੈ। ਦੁਸ਼ਯੰਤ ਚੌਟਾਲਾ ਖੁਦ ਆਪਣੀ ਸੀਟ ’ਤੇ ਉਚਾਨਾ ਕਲਾਂ ਤੋਂ 5ਵੇਂ ਨੰਬਰ ’ਤੇ ਹਨ।

**ਵਿਨੇਸ਼ ਫੋਗਾਟ ਦੀ ਜਿੱਤ ’ਤੇ ਬ੍ਰਿਜਭੂਸ਼ਣ ਸਿੰਘ ਦੀ ਪ੍ਰਤੀਕਿਰਿਆ, ਕਿਹਾ-ਸਭ ਸਤਿਆਨਾਸ਼ ਹੋ ਜਾਂਦਾ ਹੈ...:** ਹਰਿਆਣਾ ਵਿਧਾਨ ਸਭਾ ਚੋਣਾਂ ’ਚ ਜੁਲਾਨਾ ਸੀਟ ਤੋਂ ਕਾਂਗਰਸ ਉਮੀਦਵਾਰ ਵਿਨੇਸ਼ ਫੋਗਾਟ ਨੇ ਜਿੱਤ ਹਾਸਲ ਕਰ ਲਈ ਹੈ। ਵਿਨੇਸ਼ ਫੋਗਾਟ ਦੀ ਜਿੱਤ ਤੋਂ ਬਾਅਦ ਭਾਜਪਾ ਦੇ ਸਾਬਕਾ ਸੰਸਦ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੀ ਪ੍ਰਤੀਕਿਰਿਆ ਸਾਹਮਣੇ ਆਈ ਹੈ। WFI ਦੇ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੇ ਕਿਹਾ ਕਿ ਵਿਨੇਸ਼ ਫੋਗਾਟ ਦੀ ਜਿੱਤ ਤਾਂ ਹੋ ਗਈ ਹੈ ਪਰ ਉਹ ਜਿੱਥੇ ਵੀ ਕਦਮ ਰੱਖਦੀ ਹੈ, ਉਸ ਦਾ ਸਤਿਆਨਾਸ਼ ਹੋ ਜਾਂਦਾ ਹੈ। ਉਹ ਕਾਂਗਰਸ ਵਿੱਚ ਗਈ ਹੈ, ਤਾਂ ਕਾਂਗਰਸ ਦੀ ਵੰਡ ਹੋ ਜਾਵੇਗੀ। ਉਹਨਾਂ ਕਿਹਾ ਕਿ ਮੇਰੇ ਨਾਮ ਵਿਚ ਇੰਨਾ ਦਮ ਸੀ ਕਿ ਉਹ ਮੇਰਾ ਨਾਮ ਲੈ-ਲੈ ਕੇ ਜਿੱਤ ਗਈ।

## ਜੰਮੂ-ਕਸ਼ਮੀਰ ’ਚ ਐਨ. ਸੀ.-ਕਾਂਗਰਸ ਦੀ ਸਰਕਾਰ: ਫਾਰੂਕ ਅਬਦੁੱਲਾ ਨੇ ਕਿਹਾ-ਉਮਰ ਬਣੇਗਾ ਮੁੱਖ ਮੰਤਰੀ

**ਸ੍ਰੀਨਗਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾਏ ਜਾਣ ਤੋਂ ਬਾਅਦ ਹੋਈਆਂ ਵਿਧਾਨ ਸਭਾ ਚੋਣਾਂ ’ਚ ‘ਇੰਡੀਆ’ ਗਠਜੋੜ ਨੇ 49 ਸੀਟਾਂ ਜਿੱਤੀਆਂ ਹਨ। ਗਠਜੋੜ ਵਿੱਚ ਸ਼ਾਮਲ ਨੈਸ਼ਨਲ ਕਾਨਫਰੰਸ ਨੂੰ ਸਭ ਤੋਂ ਵੱਧ 42, ਕਾਂਗਰਸ ਨੂੰ 6 ਅਤੇ ਸੀਪੀਆਈ (ਐਮ) ਨੂੰ ਇੱਕ ਸੀਟ ਮਿਲੀ। ਸਰਕਾਰ ਬਣਾਉਣ ਲਈ 46 ਸੀਟਾਂ ਦੀ ਲੋੜ ਹੈ। ਭਾਜਪਾ ਨੇ 29 ਸੀਟਾਂ ਜਿੱਤੀਆਂ ਹਨ। ਪਿਛਲੀਆਂ ਚੋਣਾਂ ਦੇ ਮੁਕਾਬਲੇ ਪਾਰਟੀ ਨੂੰ 4 ਸੀਟਾਂ ਦਾ ਫਾਇਦਾ ਹੋਇਆ ਹੈ। ਹਾਲਾਂਕਿ, ਜੰਮੂ-ਕਸ਼ਮੀਰ ਭਾਜਪਾ ਦੇ ਪ੍ਰਧਾਨ ਰਵਿੰਦਰ ਰੈਨਾ ਨੌਸ਼ਹਿਰਾ ਸੀਟ ਤੋਂ ਐਨਸੀ ਉਮੀਦਵਾਰ ਤੋਂ ਕਰੀਬ 8 ਹਜ਼ਾਰ ਵੋਟਾਂ ਨਾਲ ਹਾਰ ਗਏ। ਉਨ੍ਹਾਂ ਆਪਣਾ ਅਸਤੀਫਾ ਪਾਰਟੀ ਹਾਈਕਮਾਂਡ ਨੂੰ ਭੇਜ ਦਿੱਤਾ ਹੈ। ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਦੀ ਪਾਰਟੀ ਪੀਡੀਪੀ ਨੇ 3 ਸੀਟਾਂ ਜਿੱਤੀਆਂ ਹਨ। ਪਿਛਲੀਆਂ ਚੋਣਾਂ ਵਿੱਚ ਪਾਰਟੀ ਨੂੰ 28 ਸੀਟਾਂ ਮਿਲੀਆਂ ਸਨ। ਪਹਿਲੀ ਵਾਰ ਚੋਣ ਲੜ ਰਹੀ ਮਹਿਬੂਬਾ ਦੀ ਬੇਟੀ ਇਲਤਿਜਾ ਮੁਫਤੀ ਸ਼੍ਰੀਗੁਫਵਾੜਾ ਬਿਜਬੇਹਰਾ ਸੀਟ ਤੋਂ 9 ਹਜ਼ਾਰ ਤੋਂ ਵੱਧ ਵੋਟਾਂ ਨਾਲ ਹਾਰ ਗਈ। ਆਮ ਆਦਮੀ ਪਾਰਟੀ ਨੇ ਜੰਮੂ-ਕਸ਼ਮੀਰ ਵਿੱਚ ਪਹਿਲੀ ਵਾਰ ਜਿੱਤ ਦਰਜ ਕੀਤੀ ਹੈ। ਡੋਡਾ ਸੀਟ ਤੋਂ ਮਹਿਰਾਜ ਮਲਿਕ ਨੇ ਭਾਜਪਾ ਦੇ ਗਜੈ ਸਿੰਘ ਰਾਣਾ ਨੂੰ 4500 ਤੋਂ ਵੱਧ ਵੋਟਾਂ ਨਾਲ ਹਰਾਇਆ। ਜਦੋਂ ਕਿ ਪੀਪਲਜ਼ ਕਾਨਫਰੰਸ ਨੇ ਇੱਕ ਸੀਟ ਜਿੱਤੀ ਹੈ। 7 ’ਤੇ ਆਜ਼ਾਦ ਉਮੀਦਵਾਰ ਜੇਤੂ ਰਹੇ। ਸੰਸਦ ਹਮਲੇ ਦੇ ਦੋਸ਼ੀ ਅਫਜ਼ਲ ਗੁਰੂ ਦੇ ਭਰਾ ਐਜਾਜ਼ ਗੁਰੂ ਨੂੰ ਸੋਪੋਰ ਸੀਟ ਤੋਂ 129 ਵੋਟਾਂ ਮਿਲੀਆਂ। ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ ਨੇ ਕਿਹਾ- ਉਮਰ ਅਬਦੁੱਲਾ ਜੰਮੂ-ਕਸ਼ਮੀਰ ਦੇ ਅਗਲੇ ਮੁੱਖ ਮੰਤਰੀ ਹੋਣਗੇ। ਉਮਰ ਅਬਦੁੱਲਾ ਨੇ ਦੋ ਸੀਟਾਂ (ਬਡਗਾਮ ਅਤੇ ਗੰਦਰਬਲ) ’ਤੇ ਚੋਣ ਲੜੀ ਅਤੇ ਦੋਵਾਂ ’ਤੇ ਪੀਡੀਪੀ ਉਮੀਦਵਾਰਾਂ ਨੂੰ ਹਰਾਇਆ।



ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

## ਸਿੱਖ ਕੌਮ ਮਹਾਨ ਯੋਧਿਆਂ ਨੂੰ ਕੋਟਿ ਕੋਟਿ ਪ੍ਰਣਾਮ

# ਅਮਰ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ

## 'ਜਦੋਂ ਦੁਸ਼ਮਣ ਨੇ ਸਿੰਘਾਂ ਦੀ ਬਹਾਦਰੀ ਤੇ ਸਿਦਕ ਦਾ ਲੋਹਾ ਮੰਨਿਆ'

ਦਿੱਲੀ ਪੁਲਿਸ ਦੇ ਕਮਿਸ਼ਨਰ 'ਵੇਦ ਮਾਰਵਾਹ' ਦੇ ਮੂਹੋਂ ਨਿਕਲੇ ਇਹ ਸ਼ਬਦ ਹਜ਼ਾਰਾਂ ਸਾਲਾਂ ਦੇ ਮਨੁੱਖੀ ਇਤਿਹਾਸ ਵਿੱਚ ਆਪਣੀ ਬਾਲੜੀ ਉਮਰ ਵਾਲੀ ਸਿੱਖ ਕੌਮ ਨੂੰ ਇਹ ਮਾਣ ਹਾਸਲ ਹੈ ਕਿ ਉਸ ਦੇ ਗਗਨ 'ਤੇ ਹਜ਼ਾਰਾਂ ਨਹੀਂ, ਲੱਖਾਂ ਖਾਲਸਾ ਜੀ ਦੇ ਇਹੋ ਜਿਹੇ ਚਮਕਦੇ ਸਿਤਾਰੇ ਹਨ, ਜੋ ਬੇਇਨਸਾਫੀ ਅਤੇ ਜੁਲਮ ਦੀ ਕਾਲੀ ਬੋਲੀ ਰਾਤ ਵਿੱਚ ਹੱਕ-ਸੱਚ-ਇਨਸਾਫ਼ ਦੇ ਹਰ ਪਾਂਧੀ ਨੂੰ ਰੌਸਨੀ ਭਰਪੂਰ, ਜਾਗਦੀਆਂ ਜ਼ਮੀਰਾਂ ਵਾਲਿਆਂ ਦੇ ਰਾਹ 'ਤੇ ਤੁਰਨ ਵਿੱਚ ਅਗਵਾਈ ਤੇ ਹੌਸਲਾ ਬਖ਼ਸ਼ਦੇ ਹਨ। ਗੁਰੂ ਕਲਗੀਧਰ ਦੇ ਵਰੋਸਾਏ ਖਾਲਸਾ ਪੰਥ ਦੇ ਦੋ ਲਾਡਲੇ ਸਪੁੱਤਰਾਂ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਨੇ ਆਪਣੀ ਅਦੁੱਤੀ ਬਹਾਦਰੀ ਤੇ ਲਾਸਾਨੀ ਸਹਾਦਤ ਨਾਲ ਖਾਲਸਾਈ ਗਗਨ ਨੂੰ ਤਾਂ ਲਟ ਲਟ ਰੌਸਨ ਕੀਤਾ ਹੀ ਹੈ । ਲੱਖਾਂ ਫੌਜਾਂ ਦੀ ਕਮਾਂਡ ਕਰਨ ਵਾਲਾ ਅਕਾਲ ਤਖਤ ਸਾਹਿਬ 'ਤੇ ਹਮਲਾਵਰ 'ਜਨਰਲ ਵੈਦਿਆ' ਤਾਂ ਇਤਿਹਾਸ ਦੇ ਘੱਟੇ ਵਿੱਚ ਗੁਆਚ ਗਿਆ ਹੈ ਪਰ ਭਾਈ ਜਿੰਦਾ ਤੇ ਭਾਈ ਸੁੱਖਾ ਸਿੱਖਾ ਦੇ ਸਦੀਵੀ ਜਰਨੈਲ ਸਥਾਪਤ ਹੋ ਗਏ ਹਨ, ਜਿਨ੍ਹਾਂ ਦੀ ਬਹਾਦਰੀ ਤੇ ਨਿਰਭੈਤਾ ਦਾ ਲੋਹਾ ਦੁਸਮਣ ਨੇ ਵੀ ਮੰਨਿਆ ਹੈ। ਜੰਗ ਦੇ ਮੈਦਾਨ ਵਿਚ ਬੱਬਰ ਸ਼ੇਰ ਦੀ ਗਰਜ ਰੱਖਣ ਵਾਲੇ ਇਨ੍ਹਾਂ ਸੂਰਮਿਆਂ ਨੇ ਫਾਂਸੀ ਦੇ ਰੱਸੇ ਨੂੰ ਗਲ 'ਚ ਪਾਉਣ ਤੱਕ ਦਾ ਸਫਰ ਸੰਤਤਾਈ ਦੀ ਉੱਚ ਆਤਮਿਕ ਅਵਸਥਾ ਵਿੱਚ ਵਿਚਰਦਿਆਂ ਤਹਿ ਕੀਤਾ। ਇਹਨਾਂ ਦੋ ਜਾਗਦੀਆਂ ਰੂਹਾਂ ਵਾਲਿਆਂ ਨੂੰ ਮੌਤ ਲਾੜੀ ਵਿਆਹੁਣ ਦੇ ਖਿਆਲ ਨੇ ਅਨੰਦਮਈ ਅਵਸਥਾ ਵਿੱਚ ਪਹੁੰਚਾ ਦਿੱਤਾ। ਦਗ-ਦਗ ਭਖਦੇ ਚਿਹਰਿਆਂ ਦੇ ਤੇਜੱਸਵੀ ਜਲਾਲ ਸਾਹਮਣੇ ਮੌਤ ਨੂੰ ਵੀ ਦੰਦਲ ਪੈ ਗਈ ਹੋਵੇਗੀ। ਪਰ ਨਿਰਮਾਣਤਾ ਦੇ ਪੁੰਜ ਵੀਰਿਆਂ ਨੇ ਜਲਾਦ ਨੂੰ ਵੀ ਗਲ ਨਾਲ ਲਾ ਕੇ ਵਧਾਈ ਦਿੱਤੀ ਕਿਉਂਕਿ ਮੌਤ ਨਾਲ ਅਨੰਦ (ਵਿਆਹ) ਪੜ੍ਹਾਉਣ ਦੀ ਰਸਮ ਤਾਂ ਉਹ ਹੀ ਅਦਾ ਕਰ ਰਿਹਾ ਸੀ। ਬੋਲੇ ਸੋ ਨਿਹਾਲ ਦੇ ਨਾਅਰੇ ਗਜਾਉਂਦਿਆਂ ਫਾਂਸੀ ਦੇ ਰੱਸਿਆਂ 'ਤੇ ਝੂਟਾ ਲੈ ਰਹੇ ਭਾਈ ਸੁੱਖਾ-ਜਿੰਦਾ ਨੂੰ ਮਾਨੋ ਦਸਮੇਸ਼ ਪਿਤਾ ਆਪ ਲੋਰੀਆਂ ਦੇ ਰਹੇ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਜਦੋਂ ਅਸੀਂ 18 ਵੀਂ ਸਦੀ ਦੇ ਸਿੰਘਾਂ ਦੀ ਬਹਾਦਰੀ ਤੇ ਆਚਰਨ ਦਾ ਹਵਾਲਾ ਦਿੰਦੇ ਹਾਂ ਤਾਂ ਅਹਿਮਦ ਸਾਹ ਅਬਦਾਲੀ ਦੇ ਨਾਲ ਆਏ ਜਰਨੈਲ-ਇਤਿਹਾਸਕਾਰ ਕਾਜੀ ਨੂਰ ਮੁਹੰਮਦ ਦਾ ਜਿਕਰ ਕੀਤਾ ਜਾਂਦਾ ਹੈ। ਕਾਜੀ ਨੂਰ ਮੁਹੰਮਦ ਦਾ ਕਹਿਣਾ ਹੈ 'ਇਨ੍ਹਾਂ ਸਿੱਖਾਂ ਨੂੰ ਕੁੱਤੇ ਨਾ ਆਖੋ (ਕਿਉਂਕਿ ਉਹ ਪਹਿਲਾਂ ਆਪ ਹੀ ਸਿੱਖਾਂ ਲਈ ਕੁੱਤਾ, ਫਾਰਸੀ ਵਿੱਚ ਸੱਗ ਸਬਦ ਵਰਤ ਚੁੱਕਾ ਸੀ) ਇਹ ਤਾਂ ਅਸਲੀ ਸ਼ੇਰ ਹਨ। ਜਿਹੜਾ ਜੰਗ ਦੇ ਮੈਦਾਨ ਵਿੱਚ ਸ਼ੇਰ ਦੀ ਭਬਕਾਰ ਨਾਲ ਜੂਝਦਾ ਹੈ, ਉਸ ਨੂੰ ਕੁੱਤਾ ਕਿਵੇਂ ਆਖਿਆ ਜਾ ਸਕਦਾ ਹੈ ? ਉਹ ਤਲਵਾਰ ਦੇ ਯੋਧਿਓ! ਜੇ ਤੁਸੀਂ ਜੰਗ ਦੇ ਦਾਓ ਪੇਚ ਸਿੱਖਣੇ ਹਨ, ਤਲਵਾਰ ਵਾਹੁਣੀ ਸਿੱਖਣੀ ਹੈ ਤਾਂ ਇਨ੍ਹਾਂ ਤੋਂ ਸਿੱਖੋ। ਇਹ ਨਾਇਕਾਂ ਵਾਂਗ ਦੁਸਮਣ ਦਾ ਟਾਕਰਾ ਕਰਦੇ ਹਨ ਅਤੇ ਫੇਰ ਬੜੀ ਸਫਾਈ ਨਾਲ ਸੁਰੱਖਿਅਤ ਨਿਕਲ ਵੀ ਜਾਂਦੇ ਹਨ।' ਦੁਸਮਣ ਵੱਲੋਂ ਕੀਤੀ ਗਈ ਸਿਫਤ ਹੀ ਅਸਲ ਆਚਰਨ ਦੀ, ਭਰੋਸੇਯੋਗ ਜਾਮਨੀ ਹੁੰਦੀ ਹੈ।

20 ਵੀਂ ਸਦੀ ਦੇ ਅੰਤ ਵਿੱਚ ਖਾਲਸਤਾਨੀ ਸੰਘਰਸ਼ ਲਈ ਸ਼ਹੀਦ ਡੇਢ ਲੱਖ ਤੋਂ ਜ਼ਿਆਦਾ ਸਿੰਘਾਂ-ਸਿੰਘਣੀਆਂ ਦੀ ਸੂਰਬੀਰਤਾ, ਸਿਦਕ ਅਤੇ ਮੌਤ ਦੇ ਬੇਖ਼ੌਫ ਹੋਣ ਦੇ ਕਰੈਕਟਰ ਦਾ ਰੋਲ-ਮਾਡਲ ਭਾਈ ਜਿੰਦਾ ਤੇ ਭਾਈ ਸੁੱਖਾ ਕਹੇ ਜਾ ਸਕਦੇ ਹਨ।

**ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੀ ਸੰਖੇਪ ਜੀਵਨੀ:**ਭਾਈ ਹਰਜਿੰਦਰ ਸਿੰਘ ਜਿੰਦਾ ਦੀ ਮਾਤਾ ਜੀ ਗੁਰਨਾਮ ਕੌਰ ਅਤੇ ਪਿਤਾ ਗੁਲਜਾਰ ਸਿੰਘ ਜੀ ਚੜ੍ਹਦੀ-ਕਲਾ ਵਾਲੇ ਕਿਰਤੀ ਸਿੱਖ ਸਨ। ਭਾਈ ਸਾਹਿਬ ਦੇ ਦੋ ਵੱਡੇ ਭਰਾ ਨਿਰਭੈਲ ਸਿੰਘ ਅਤੇ ਭੁਪਿੰਦਰ ਸਿੰਘ ਤੇ ਇਕ ਭੈਣ ਬੀਬੀ ਬਲਵਿੰਦਰ ਕੌਰ ਹੈ। ਭਾਈ ਸਾਹਿਬ ਦਾ ਜਨਮ 4 ਅਪ੍ਰੈਲ 1962 ਵਿੱਚ ਹੋਇਆ ਸੀ। ਭਾਈ ਹਰਜਿੰਦਰ ਸਿੰਘ ਨੇ ਮੁੱਢਲੀ ਵਿਦਿਆ ਆਪਣੇ ਪਿੰਡ ਗਦਲੀ (ਜਿਲ੍ਹਾ ਅੰਮ੍ਰਿਤਸਰ) ਤੋਂ ਪ੍ਰਾਪਤ ਕੀਤੀ। ਗਹਿਰੀ ਮੰਡੀ ਤੋਂ ਦਸਵੀਂ ਪਾਸ ਕਰਕੇ ਤੇ ਬਾਰਵੀਂ ਜੰਡਿਆਲਾ ਗੁਰੂ ਤੋਂ ਪਾਸ ਕਰਕੇ ਖਾਲਸਾ ਕਾਲਜ ਅੰਮ੍ਰਿਤਸਰ 'ਚ ਉੱਚ-ਵਿੱਦਿਆ ਪ੍ਰਾਪਤ ਕਰਨ ਲਈ ਦਾਖਲਾ ਲੈ ਲਿਆ। ਅਜੇ ਬੀ. ਏ. (ਭਾਗ ਦੂਜਾ) ਵਿੱਚ ਪੜ੍ਹਦੇ ਸਨ ਕਿ 1984 ਦਾ ਘੱਲੂਘਾਰਾ ਵਾਪਰ ਗਿਆ। ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਹੀਦੀ ਪੁਰਬ ਸਮੇਂ ਸ੍ਰੀ ਦਰਬਾਰ ਸਾਹਿਬ ਇਕੱਤਰ ਹੋਈਆਂ ਸਿੱਖ-ਸੰਗਤਾਂ ਨੂੰ ਭਾਰਤੀ ਫੌਜ ਵੱਲੋਂ ਗੋਲੀਆਂ, ਬੰਬਾਂ, ਤੋਪਾਂ ਤੇ ਟੈਕਾਂ ਨਾਲ ਭੁੰਨ ਦਿੱਤਾ ਗਿਆ। ਸ੍ਰੀ ਅਕਾਲ ਤਖ਼ਤ ਢਹਿ ਢੇਰੀ ਕਰ ਦਿੱਤਾ ਗਿਆ, ਚਾਲੀ ਹੋਰ ਗੁਰਧਾਮ ਫੌਜੀ ਛਾਉਣੀਆਂ ਵਿੱਚ ਤਬਦੀਲ ਕਰ ਦਿੱਤੇ ਗਏ ਤੇ ਪਿੰਡਾਂ ਵਿੱਚ ਸਿੱਖ ਜਵਾਨਾਂ ਨੂੰ ਚੁਣ-ਚੁਣ ਕੇ ਮਾਰਨਾ ਸ਼ੁਰੂ ਕਰ ਦਿੱਤਾ ਗਿਆ। ਇਹਨਾਂ ਘਟਨਾਵਾਂ ਕਰਕੇ ਹਰ ਸਿੱਖ ਵਾਂਗ ਭਾਈ ਹਰਜਿੰਦਰ ਸਿੰਘ ਜਿੰਦਾ ਦੇ ਖ਼ੂਨ ਨੇ ਵੀ ਉਬਾਲਾ ਖਾਧਾ, ਸਿੱਖੀ ਅਣਖ ਜਾਗੀ ਤੇ ਪੜ੍ਹਾਈ ਵਿੱਚੇ ਛੱਡ ਕੇ ਸਿੱਖ-ਸੰਘਰਸ਼ ਵਿੱਚ ਕੁੱਦ ਪਏ। ਜਦੋਂ ਫੌਜਾਂ ਨੇ ਸ੍ਰੀ ਦਰਬਾਰ ਸਾਹਿਬ ਆਪਣੇ ਕਬਜ਼ੇ ਵਿੱਚ ਕੀਤਾ ਹੋਇਆ ਸੀ ਉਦੋਂ ਭਾਈ ਹਰਜਿੰਦਰ ਸਿੰਘ ਜਿੰਦਾ ਆਪਣੇ ਪਿੰਡ ਤੇ ਨੇੜੇ-ਨੇੜੇ ਦੀਆਂ ਸਿੱਖ ਸੰਗਤਾਂ ਨਾਲ ਸ੍ਰੀ ਦਰਬਾਰ ਸਾਹਿਬ ਆਜ਼ਾਦ ਕਰਵਾਉਣ ਲਈ ਕੀਤੇ ਮਾਰਚ ਵਿੱਚ ਸ਼ਾਮਲ ਸੀ। ਪਰ ਫੌਜੀ ਨਾਕਿਆਂ ਦੇ ਤਸੱਦਦ ਸਾਹਮਣੇ ਕੋਈ ਪੇਸ਼ ਨਾ ਗਈ ਤੇ ਕਚੀਚੀਆਂ ਖਾਂਦੇ ਦੁੱਖੀ-ਹਿਰਦਿਆਂ ਨਾਲ ਕੁੱਟ-ਮਾਰ ਖਾ ਕੇ ਘਰਾਂ ਨੂੰ ਪਰਤ ਆਏ। ਭਾਈ ਹਰਜਿੰਦਰ ਸਿੰਘ ਜਿੰਦਾ ਆਪਣੇ ਨਾਨਕੇ ਪਿੰਡ ਚੱਕ ਬਾਈ ਐਚ. ਸ੍ਰੀ ਗੰਗਾਨਗਰ ਚਲਾ ਗਿਆ। ਆਪ ਦੇ ਮਾਮੇ ਦੇ ਪੁੱਤਰ ਬਲਜਿੰਦਰ ਸਿੰਘ ਰਾਜੂ ਅਤੇ ਉਸ ਦੇ ਮਿੱਤਰ ਭਾਈ ਸੁਖਦੇਵ ਸਿੰਘ ਸੁੱਖਾ 16 ਐਫ. ਨਾਲ ਮਿਲ ਕੇ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਹਰਮਿੰਦਰ ਸਾਹਿਬ ਤੇ ਹੋਰ ਗੁਰਧਾਮਾਂ ਦੀ ਕੀਤੀ ਬੇਅਦਬੀ ਅਤੇ ਸਿੱਖ ਕੌਮ ਦੀ ਹੋਈ ਬੇਪਤੀ ਦਾ ਬਦਲਾ ਲੈਣ ਲਈ ਪ੍ਰਣ ਕੀਤਾ। ਭਾਈ ਰਾਜੂ ਪੁਲਿਸ ਦੇ ਕਾਬੂ ਆ ਗਏ ਤੇ ਉਸ ਉੱਤੇ ਕੀਤੇ ਤਸੱਦਦ ਦੀ ਖ਼ਬਰ ਸੁਣ ਕੇ ਭਾਈ ਜਿੰਦਾ ਤੇ ਭਾਈ ਸੁੱਖੇ ਦਾ ਮਨ ਹੋਰ ਵੀ ਉਬਾਲੇ ਖਾਣ ਲੱਗਾ ਇਸ ਤੋਂ ਬਾਅਦ ਭਾਈ ਜਿੰਦਾ ਜੀ ਨੇ ਜੋ ਕਾਰਨਾਮੇ ਕੀਤੇ ਉਹ ਇਸ ਪ੍ਰਕਾਰ ਹਨ:

31 ਜੁਲਾਈ 1985 ਨੂੰ ਦਿੱਲੀ ਕਤਲੇਆਮ ਦੇ ਮੁਖ ਹਤਿਆਰੇ ਕਾਂਗਰਸੀ ਨੇਤਾ ਲਲਿਤ ਮਾਕਨ ਨੂੰ ਜਾ ਸੋਧਾ ਲਾਇਆ ਏਸ ਕਾਰਵਾਈ 'ਚ ਗੁਰੂ ਦੇ ਦੋਵੇਂ ਲਾਡਲੇ ਭਾਈ ਜਿੰਦਾ ਜੀ ਅਤੇ ਭਾਈ ਸੁੱਖ ਜੀ ਦੇ ਨਾਲ ਹੀ ਭਾਈ ਰਣਜੀਤ ਸਿੰਘ ਗਿੱਲ ਵੀ ਸਨ ਭਾਈ ਰਣਜੀਤ ਸਿੰਘ ਗਿੱਲ ਜੀ ਨੂੰ 14 ਮਈ 1987 ਨੂੰ ਅਮਰੀਕਾ ਜਰਸੀ ਵਿਖੇ ਇੰਟਰਪੋਲ ਦੀ ਮਦਦ ਨਾਲ ਗ੍ਰਿਫਤਾਰ ਕਰ ਲਿਆ ਗਿਆ ਅਤੇ 6 ਫਰਵਰੀ 1988 ਨੂੰ ਯੂ ਏਨ ਓ 'ਚ ਸੁਣਵਾਈ 'ਤੇ ਸੰਨ 2000 ਨੂੰ ਭਾਰਤ ਦੇ ਹਵਾਲੇ ਕਰ ਦਿੱਤਾ ਗਇਆ ਜਿੱਥੇ ਭਾਈ ਰਣਜੀਤ ਸਿੰਘ ਗਿੱਲ ਨੂੰ ਸਜ਼ਾ ਸੁਣਾ ਦਿੱਤੀ ਗਈ।

1984 ਦੇ ਦਿੱਲੀ ਅਤੇ ਭਾਰਤ ਦੇ ਹੋਰ ਸ਼ਹਿਰਾਂ ਵਿੱਚ ਸਿੱਖਾਂ ਦਾ ਕਤਲੇਆਮ ਕਰਵਾਉਣ 'ਚ ਅਹਿਮ ਰੋਲ ਅਦਾ ਕਰਨ ਵਾਲਾ ਇੱਕ ਹੋਰ ਕਾਂਗਰਸੀ ਨੇਤਾ ਅਰਜੁਨ ਦਾਸ ਸੀ, ਜਿਸ ਨੂੰ ਨਾਨਾਵਤੀ ਕਮਿਸ਼ਨ ਨੇ ਵੀ ਦੋਸ਼ੀ ਕਰਾਰ ਦਿੱਤਾ ਸੀ। 5 ਸਤੰਬਰ 1985 ਨੂੰ ਗੁਰੂ ਦੇ ਲਾਡਲਿਆਂ ਨੇ ਅਰਜੁਨ ਦਾਸ ਨੂੰ ਗੱਡੀ ਚੜ੍ਹਾ ਦਿੱਤਾ ਇਹ ਰਾਜੀਵ ਗਾਂਧੀ ਦਾ ਖਾਸ ਚਮਚਾ ਸੀ।

10 ਅਗਸਤ 1986 ਨੂੰ ਸਭ ਤੋਂ ਵੱਡਾ ਕਾਰਨਾਮਾ ਤਦ ਕੀਤਾ ਗਿਆ ਜਦ ਸੂਰਮਿਆਂ ਨੇ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਨ ਦੇ ਮੋਹਰੀ ਰਹੇ 'ਜਨਰਲ ਵੈਦਿਆ ' ਨੂੰ ਉਸ ਦੇ ਕੀਤੇ ਦੀ ਸਜ਼ਾ ਵੱਜੋਂ ਸੋਧਾ ਲਾ ਦਿੱਤਾ ਗਿਆ ਇਹ ਭਾਰਤ ਸਰਕਾਰ ਦੇ ਮੂੰਹ 'ਤੇ ਹੁਣ ਤੱਕ ਦਾ ਇੰਦਰਾ ਗਾਂਧੀ ਦੀ ਮੌਤ ਤੋਂ ਬਾਅਦ ਸਭ ਤੋਂ ਵੱਡਾ ਕਰਾਰਾ ਤਮਾਚਾ ਸੀ।

ਸਿੱਖ ਸੰਘਰਸ਼ ਨੂੰ ਮੁਕਾਮ ਤੱਕ ਲੈ ਜਾਨ ਲਈ ਸਿੰਘਾਂ ਨੂੰ ਹਥਿਆਰਾਂ ਦੀ ਸਖ਼ਤ ਲੋੜ ਸੀ, ਜਿਸ ਵਾਸਤੇ ਭਾਰਤ ਦੇ ਇਤਿਹਾਸ ਵਿੱਚ 13 ਫਰਵਰੀ 1987 ਨੂੰ ਖਾਲਿਸਤਾਨ ਕਮਾਂਡੋ ਫੋਰਸ ਦੇ ਸਿੰਘਾਂ ਨੇ ਜਨਰਲ ਲਾਭ ਸਿੰਘ ਜੀ ਦੀ ਅਗਵਾਈ ਹੇਠ ਪੰਜਾਬ 'ਚ ਇੱਕ ਬੈਂਕ ਵਿੱਚੋਂ 5.70 ਕਰੋੜ ਰੁਪਏ ਲੈ ਕੇ ਨਿਕਲਣ 'ਚ ਕਾਮਯਾਬ ਹੋ ਗਏ, ਕਿਹਾ ਜਾਂਦਾ ਹੈ ਕਿ ਇਹ ਕਾਰਨਾਮਾ 'ਲਿਮ੍ਕਾ ਬੁੱਕ ਆਫ ਰਿਕਾਰਡ' 'ਚ ਦਰਜ ਹੈ।

ਇਹ ਕਾਰਵਾਈ ਸੁਣ ਕੇ ਵੱਡੇ ਵੱਡੇ ਅਧਿਕਾਰੀਆਂ ਦੇ ਪਸੀਨੇ ਨਿਕਲ ਗਏ ਸੀ, ਜਿਸ ਢੰਗ ਨਾਲ ਸਿੰਘ ਸਫਾਈ ਨਾਲ ਬਾਹਰ ਨਿਕਲੇ ਸੀ ਉਸ ਬਾਰੇ ਪੂਰਾ ਸੱਚ ਭਾਰਤ ਸਰਕਾਰ ਦੇ ਅਧਿਕਾਰੀ ਦੇ ਮੂਹੋਂ ਆਪ ਸੁਣੋ :

'ਵੇਦ ਮਰਵਾਹਾ' ਦਿੱਲੀ ਪੁਲਿਸ ਦਾ ਮੁਖੀ (ਕਮਿਸਨਰ) ਹੁਣ ਨੌਕਰੀ ਤੋਂ ਰਿਟਾਇਰ ਹੋ ਚੁੱਕਾ ਹੈ। ਇਸ ਦੀ ਕਮਾਂਡ ਥੱਲੇ ਦਿੱਲੀ ਪੁਲਿਸ ਨੇ ਦੋ ਵਾਰ (1985 ਤੇ ਫਿਰ 1987 ਵਿਚ) ਭਾਈ ਹਰਜਿੰਦਰ ਸਿੰਘ ਜਿੰਦਾ ਨੂੰ ਗ੍ਰਿਫਤਾਰ ਕੀਤਾ ਸੀ। 'ਵੇਦ ਮਰਵਾਹੇ' ਨੇ ਰਿਟਾਇਰਮੈਂਟ ਤੋਂ ਬਾਅਦ ਇੱਕ ਕਿਤਾਬ ਲਿਖੀ ਜਿਸ ਦਾ ਸਿਰਲੇਖ ਹੈ 'ਅਨਸਿਵਲ ਵਾਰਜ ਪਥੋਲੌਜੀ ਆਫ ਟੈਰਰਿਜਮ ਇਨ ਇੰਡੀਆ।'

ਇਸ ਕਿਤਾਬ ਦੇ ਸਫਾ 16 'ਤੇ ਉਸ ਨੇ ਇੱਕ ਸਿਰਲੇਖ ਦਿੱਤਾ ਹੈ: 'ਜਿੰਦਾ ਕੋਈ ਸਧਾਰਣ ਮਨੁੱਖ ਨਹੀਂ ਸੀ।' ਇਸ ਦੀ ਲਿਖਤ ਵਿਚਲਾ ਵੇਰਵਾ ਕਾਜੀ ਨੂਰ ਮੁਹੰਮਦ ਦੀ 18 ਵੀਂ ਸਦੀ ਦੇ ਸਿੰਘਾਂ ਬਾਰੇ 'ਗਵਾਹੀ' ਵਾਂਗ ਹੀ ਹੈ। ਭਾਰਤੀ ਰਾਸਟ੍ਰ ਭਗਤੀ ਤੇ ਫਿਰਕੂਪੁਣੇ ਨਾਲ ਭਰਿਆ ਪੰਜਾਬੀ ਹਿੰਦੂ ਮੂਲ ਦਾ 'ਵੇਦ ਮਰਵਾਹਾ' ਲਿਖਦਾ ਹੈ: 'ਹਰਜਿੰਦਰ ਸਿੰਘ ਜਿੰਦਾ, ਜਿਸ ਨੂੰ ਜਨਰਲ ਵੈਦਿਆ ਦੇ ਕਤਲ ਕੇਸ ਵਿਚ ਸਜਾ ਹੋਈ ਅਤੇ ਬਾਅਦ ਵਿਚ ਫਾਂਸੀ 'ਤੇ ਲਟਕਾਇਆ ਗਿਆ ਕੋਈ ਸਧਾਰਨ ਮਨੁੱਖ ਨਹੀਂ ਸੀ। ਇਹ ਸਿਰਫ਼ ਇੱਕ ਬੇਤਰਸ ਹਤਿਆਰਾ ਨਹੀਂ ਸੀ। ਉਸ ਦੀ ਸ਼ਖ਼ਸੀਅਤ ਦਾ ਇੱਕ ਬੜਾ ਅਨੋਖਾ ਪੱਖ ਵੀ ਸੀ। ਉਹ ਜਦੋਂ ਸਖ਼ਤ ਜਖਮੀ ਸੀ ਅਤੇ ਜੀਵਨ-ਮੌਤ ਦੀ ਲੜਾਈ ਲੜ ਰਿਹਾ ਸੀ, ਉਦੋਂ ਵੀ ਉਹ ਬੜਾ ਮਖੌਲੀਆ ਅਤੇ ਦਿਲ ਨੂੰ ਲੁਭਾਉਣ ਵਾਲਾ ਅੰਦਾਜ ਰੱਖਦਾ ਸੀ। ਜਦੋਂ ਮੈਂ ਉਸ ਦੀ ਗ੍ਰਿਫਤਾਰੀ ਤੋਂ ਬਾਅਦ ਉਸ ਨੂੰ ਪਹਿਲੀ ਵਾਰ ਮਿਲਿਆ ਤਾਂ ਮੈਂ ਮਹਿਸੂਸ ਕੀਤਾ ਕਿ ਉਹ ਕੋਈ ਮਨੋਰੋਗੀ ਨਹੀਂ ਸੀ ਬਲਕਿ ਉਸ ਦੀ ਮਾਨਸਿਕਤਾ ਵਿੱਚ ਐਸੇ ਅਸਾਧਾਰਨ ਤੱਤ ਸਨ, ਜਿਹੜੇ ਉਸ ਨੂੰ ਇੱਕ ਵੱਖਰੀ ਦਿੱਖ ਵਾਲਾ ਇਨਸਾਨ ਸਥਾਪਤ ਕਰਦੇ ਸਨ।'



**ਸਿੱਖ ਕੌਮ ਦੇ ਮਹਾਨ ਯੋਧੇ**
**(ਸ਼ਹੀਦੀ 9 ਅਕਤੂਬਰ 1992)**

'ਵੇਦ ਮਰਵਾਹਾ' ਅੱਗੋਂ ਛੋਟਾ ਸਿਰਲੇਖ ਦਿੰਦੇ ਹਨ: 'ਪਹਿਲੀ ਗ੍ਰਿਫਤਾਰੀ' ਲਿਖਤ ਅਨੁਸਾਰ-'ਜਿੰਦਾ ਪਹਿਲੀ ਵਾਰ ਅਚਾਨਕ ਹੀ 1985 ਵਿਚ ਪੁਲਿਸ ਦੇ ਹੱਥ ਲੱਗ ਗਿਆ। ਉਦੋਂ ਦਿੱਲੀ ਵਿੱਚ ਲਗਾਤਾਰ ਬੈਂਕ ਲੁੱਟੇ ਜਾ ਰਹੇ ਸਨ ਪਰ ਪੁਲਿਸ ਨੂੰ ਕੋਈ ਸੂਹ ਨਹੀਂ ਸੀ ਮਿਲ ਰਹੀ। ਮੈਨੂੰ ਰੋਜ਼ਾਨਾ ਭਾਰਤ ਦੇ ਗ੍ਰਹਿ ਮੰਤਰੀ ਤੋਂ ਝਾੜਾਂ ਪੈ ਰਹੀਆਂ ਸਨ ਅਤੇ ਮੀਡੀਏ ਵਿੱਚ ਵੀ ਦਿੱਲੀ ਪੁਲਿਸ ਦੀ ਦੁਰਗਤੀ ਬਣ ਰਹੀ ਸੀ। ਉਦੋਂ ਤੱਕ ਸਾਨੂੰ ਚਿੱਤ ਚੇਤੇ ਵੀ ਨਹੀਂ ਸੀ ਕਿ ਇਨ੍ਹਾਂ ਬੈਂਕ ਡਕੈਤੀਆਂ ਨਾਲ ਪੰਜਾਬ ਦੇ ਦਹਿਸਤਗਰਦਾਂ ਦਾ ਵੀ ਕੋਈ ਸਬੰਧ ਹੋ ਸਕਦਾ ਹੈ। ਜਿੰਦੇ ਦੀ ਗ੍ਰਿਫਤਾਰੀ ਇੱਕ ਛੋਟੇ ਦਰਜੇ ਦੀ ਜਾਣਕਾਰੀ ਦੇ ਆਧਾਰ 'ਤੇ ਹੋਈ, ਜਿਸ ਦਾ ਸੰਬੰਧ ਕਿਸੇ ਕਾਰ ਦੀ ਚੋਰੀ ਨਾਲ ਸੀ। ਕ੍ਰਾਈਮ ਬਰਾਂਚ ਦੇ ਐਡੀਸ਼ਨਲ ਕਮਿਸਨਰ ਆਰ. ਕੇ. ਸਰਮਾ ਨੇ ਮੈਨੂੰ ਇੱਕ ਐਤਵਾਰ ਦੀ ਸਵੇਰ ਫੋਨ ਕਰ ਕੇ ਜਿੰਦੇ ਦੀ ਗ੍ਰਿਫਤਾਰੀ ਦੀ 'ਵੱਡੀ ਪ੍ਰਾਪਤੀ' ਸੰਬੰਧੀ ਦੱਸਿਆ। ਉਦੋਂ ਪਹਿਲੀ ਵਾਰ ਦਿੱਲੀ ਪੁਲਿਸ ਨੂੰ ਪਤਾ ਲੱਗਾ ਕਿ ਉਨ੍ਹਾਂ ਨੇ ਇੱਕ ਅਚਾਨਕ ਇੱਕ ਮਾਰਕਾਖੋਜ ਕੰਮ ਕੀਤਾ ਹੈ।'


'ਮਰਵਾਹੇ' ਦੀ ਲਿਖਤ ਦਾ ਅਗਲਾ ਸਿਰਲੇਖ ਹੈ-'ਪੁੱਛ ਗਿੱਛ' (ਇੰਟੈਰੋਗੇਸਨ) ਮਰਵਾਹੇ ਅਨੁਸਾਰ -'ਮੈਂ ਆਪਣੇ ਘਰੋਂ ਫੌਰਨ ਕ੍ਰਾਈਮ ਬਰਾਂਚ ਇੰਟੈਰੋਗੇਸਨ ਸੈਂਟਰ ਪਹੁੰਚਿਆ ਅਤੇ ਇਸ ਸਾਧਾਰਨ ਜਿਹੀ ਦਿੱਖ ਵਾਲੇ ਵਿਅਕਤੀ ਦੀ ਇੱਕ ਘੰਟੇ ਤੋਂ ਜ਼ਿਆਦਾ ਸਮਾਂ ਪੁੱਛਗਿੱਛ (ਇਸ ਨੂੰ ਤਸੱਦਦ ਪੜ੍ਹਿਆ ਜਾਵੇ) ਕੀਤੀ। ਮੈਂ ਉਸ ਵੱਲੋਂ ਕਹਾਣੀ ਬਿਆਨ ਕਰਨ ਦੇ ਢੰਗ ਤੋਂ ਬੜਾ ਅਚੰਭਿਤ ਹੋਇਆ ਅਤੇ ਉਸ ਵੱਲੋਂ ਦੱਸੀਆਂ ਗਈਆਂ ਗੱਲਾਂ ਤੋਂ ਵੀ। ਉਸ ਦੀ ਖੱਲੜੀ ਵਿੱਚ ਡਰ ਨਾਂ ਦੀ ਕੋਈ ਚੀਜ ਨਹੀਂ ਸੀ ਅਤੇ ਨਾ ਹੀ ਉਸ ਨੂੰ ਆਪਣੇ ਕੀਤੇ ਤੋਂ ਪਛਤਾਵਾ ਸੀ। ਉਹ ਤਾਂ ਬਾਲੀਵੁਡ ਦੀਆਂ ਫਿਲਮਾਂ ਦੇ ਅੰਦਾਜ਼ ਵਿੱਚ ਪੁਲਿਸ ਨੂੰ ਥਾਂ-ਥਾਂ ਝਕਾਨੀ ਦੇ ਕੇ ਨਿਕਲਣ ਦੇ ਕਾਰਨਾਮਿਆਂ ਨੂੰ ਬੜੇ ਚਸਕੇ ਲੈ ਕੇ ਸੁਣਾ ਰਿਹਾ ਸੀ। ਮੇਰੇ ਸਾਹਮਣੇ ਅੰਮ੍ਰਿਤਸਰ ਸ਼ਹਿਰ ਦਾ ਇੱਕ ਨੌਜਵਾਨ ਸਿੱਖ ਖੜ੍ਹਾ ਸੀ ਜਿਸ ਨੇ ਸਮੁੱਚੀ ਦਿੱਲੀ ਪੁਲਿਸ ਨੂੰ ਵਖਤ ਪਾਇਆ ਹੋਇਆ ਸੀ, ਇਸ ਤੱਥ ਦੀ ਵੀ ਉਸ ਨੂੰ ਬੜੀ ਖੁਸੀ ਸੀ। ਉਸ ਨੇ ਆਪਣੇ ਖਾਲਸਤਾਨੀ ਸੰਘਰਸ਼ ਵਿਚਲੇ ਰੋਲ ਨੂੰ ਘਟਾ ਕੇ ਦੱਸਿਆ ਪਰ ਦਿੱਲੀ (ਜਿਸ ਨੂੰ ਉਹ ਰਾਜਧਾਨੀ ਕਹਿਣ ਦੀ ਜਿਦ ਕਰਦਾ ਸੀ) ਵਿਚਲੀ ਬੈਂਕ ਡਕੈਤੀਆਂ ਸੰਬੰਧੀ ਉਸ ਨੇ ਬੜੇ ਮਾਣ ਨਾਲ ਖੁੱਲ੍ਹ ਕੇ ਦੱਸਿਆ। ਉਸ ਦਾ ਦਿੱਲੀ ਨੂੰ ਵਾਰ ਵਾਰ 'ਰਾਜਧਾਨੀ' ਕਹਿਣ ਤੋਂ ਵੀ ਇਹ ਹੀ ਭਾਵ ਸੀ, ਉਹ ਦਿੱਲੀ ਪੁਲਿਸ ਦਾ ਪੂਰਾ ਮਜਾਕ ਉਡਾ ਰਿਹਾ ਸੀ। ਉਦੋਂ ਭਾਵੇਂ ਸਾਨੂੰ ਉਸ ਦੀਆਂ ਗਤੀਵਿਧੀਆਂ ਬਾਰੇ ਪੂਰੀ ਜਾਣਕਾਰੀ ਨਹੀਂ ਸੀ ਪਰ ਉਹ ਗੱਲ ਕਰਨ ਲੱਗਿਆ 'ਉਹ' (ਭਾਰਤ ਸਰਕਾਰ) ਤੇ ਅਸੀਂ (ਖਾਲਸਤਾਨੀ) ਸਬਦਾਵਲੀ ਦੀ ਵਰਤੋਂ ਕਰ ਰਿਹਾ ਸੀ। ਮੈਨੂੰ ਉਦੋਂ ਮਹਿਸੂਸ ਹੋਇਆ ਕਿ ਉਹ ਮੇਰੇ ਨਾਲ, ਇੱਕ 'ਪੁਲਿਸ ਮੁਖੀ' ਦੇ ਤੌਰ 'ਤੇ ਬਰਾਬਰ ਦੀ ਧਿਰ ਬਣ ਕੇ ਗੱਲ ਕਰ ਰਿਹਾ ਸੀ (ਨਾ ਕਿ ਮੁਜਰਮ ਦੇ ਤੌਰ 'ਤੇ) . ਉਸ ਨੂੰ ਫੇਰ ਅਸੀਂ ਗੁਜਰਾਤ ਪੁਲਿਸ ਦੇ ਹਵਾਲੇ ਕਰ ਦਿੱਤਾ, ਜਿੱਥੋਂ ਕਿ ਉਹ ਅਦਾਲਤ ਵਿਚ ਪੇਸ਼ੀ ਲਈ ਲਿਜਾਂਦੇ ਸਮੇਂ, ਪੁਲਿਸ ਹਿਰਾਸਤ ਵਿੱਚੋਂ ਫਰਾਰ ਹੋ ਗਿਆ। ਉਸ ਤੋਂ ਬਾਅਦ ਉਸ ਨੇ ਬੜੇ ਦਲੇਰਾਨਾ ਕੰਮ ਕੀਤੇ, ਜਿਨ੍ਹਾਂ ਵਿੱਚ 'ਲਲਿਤ ਮਾਕਨ' ਐਮ. ਪੀ. ਤੇ 'ਅਰਜਨ ਦਾਸ' ਆਦਿ ਸੰਜੇ ਗਾਂਧੀ ਦੇ ਨੇੜਲੇ ਸਾਥੀਆਂ ਦਾ ਮਾਰੇ ਜਾਣਾ ਵੀ ਸ਼ਾਮਲ ਸੀ। ਦਿੱਲੀ ਤੇ ਪੰਜਾਬ ਵਿੱਚ ਜਿੰਦੇ ਦੇ ਨਾਂ ਦੀ ਬੜੀ ਦਹਿਸ਼ਤ ਫੈਲ ਗਈ।'

'ਵੇਦ ਮਰਵਾਹਾ' ਫੇਰ, ਇੱਕ ਸਬ-ਹੈਡਿੰਗ 'ਦੂਸਰੀ ਮੁਲਾਕਾਤ' ਦਾ ਹਵਾਲਾ ਦਿੰਦਾ ਹੈ, ਜਿਸ ਅਨੁਸਾਰ ਅਗਸਤ 1987 ਵਿੱਚ ਸਿਵਲ ਲਾਈਨਜ ਏਰੀਏ ਵਿੱਚ ਹੋਏ ਇੱਕ ਪੁਲਿਸ ਮੁਕਾਬਲੇ ਵਿੱਚ ਜਿੰਦਾ ਸਖ਼ਤ ਜਖ਼ਮੀ ਹਾਲਤ ਵਿੱਚ ਦਿੱਲੀ ਪੁਲਿਸ ਨੇ ਦਬੋਚ ਲਿਆ। .. ਮੈਂ ਆਪਣੇ ਵਾਇਰਲੈੱਸ ਸੈੱਟ 'ਤੇ ਜਿੰਦੇ ਦੀ ਗ੍ਰਿਫਤਾਰੀ ਬਾਰੇ ਸੁਣਿਆ ਅਤੇ ਕੁਝ ਮਿੰਟਾਂ ਵਿੱਚ ਹੀ ਪੁਲਿਸ ਸਟੇਸ਼ਨ ਪਹੁੰਚ ਗਿਆ। ਜਿੰਦੇ ਨੂੰ ਇੱਕ ਸਟਰੈਚਰ 'ਤੇ ਪਾ ਕੇ ਐਂਬੂਲੈਂਸ ਵੱਲ ਲਿਜਾਇਆ ਜਾ ਰਿਹਾ ਸੀ ਜਦੋਂਕਿ ਉਸ ਨੇ ਮੈਨੂੰ ਵੇਖ ਲਿਆ। ਉਸ ਨੇ ਮੁਸਕਰਾ ਕੇ ਮੇਰਾ ਸਵਾਗਤ ਕੀਤਾ। ਉਹ ਬੜੀ ਗੰਭੀਰ ਜਖ਼ਮੀ ਹਾਲਤ ਵਿੱਚ ਸੀ ਪਰ ਫਿਰ ਵੀ ਉਸ ਨੇ ਮੈਨੂੰ ਮਜਾਕੀਆ ਲਹਿਜੇ ਵਿੱਚ ਕਿਹਾ - 'ਮੁਬਾਰਕ ਹੋ, ਅਬ ਆਪ ਕੋ ਬਹੁਤ ਬੜੀ ਤਰੱਕੀ ਮਿਲੇਗੀ ਦਿੱਲੀ ਪੁਲਿਸ ਨੇ ਮੁਝੇ ਪਕੜ ਲੀਆ ਹੈ।' ਮੇਰੇ ਸਾਹਮਣੇ ਉਹ ਬੰਦਾ ਸੀ, ਜਿਹੜਾ ਮੌਤ ਦੇ ਮੂੰਹ ਵਿੱਚ ਜਾ ਰਿਹਾ ਸੀ ਪਰ ਉਹ ਇਨ੍ਹਾਂ ਪਲਾਂ ਵਿੱਚ ਵੀ ਬੇਪ੍ਰਵਾਹ ਹੋ ਕੇ ਮਜਾਕ ਕਰ ਰਿਹਾ ਸੀ। ਮੈਂ ਦੇਖ ਰਿਹਾ ਸੀ ਕਿ ਉਸ ਨੂੰ ਆਪਣੇ ਕਾਰਜ ਲਈ ਮਹਾਨ ਕੁਰਬਾਨੀ ਕਰਨ ਦੀ ਤਸੱਲੀ ਵੀ ਸੀ ਤੇ ਪੁਲਿਸ ਨੂੰ ਨੀਵਾਂ ਦਿਖਾਉਣ ਦਾ ਚਾਅ ਵੀ ਉਸ ਦਾ ਫੌਜੀ ਹਸਪਤਾਲ ਵਿੱਚ ਇਲਾਜ ਚੱਲਿਆ ਤੇ ਉਹ ਇੱਕ ਅਪਰੇਸ਼ਨ ਤੋਂ ਬਾਅਦ ਕਰਾਮਾਤੀ ਤੌਰ 'ਤੇ ਠੀਕ ਹੋ ਗਿਆ। ਮੈਂ ਉਸ ਨੂੰ ਡੀ. ਜੀ. ਪੀ. ਕ੍ਰਾਈਮ ਦੇ ਨਾਲ ਹਸਪਤਾਲ ਵਿੱਚ ਦੇਖਣ ਗਿਆ। ਪਰ ਇਸ ਵਾਰ ਮੈਂ ਪੁੱਛਗਿੱਛ ਲਈ ਨਹੀਂ ਗਿਆ ਪਰ ਉਸ ਇਨਸਾਨ ਨੂੰ ਮਿਲਣ ਗਿਆ, ਜਿਸ ਨੇ ਮੇਰੇ ਮਨ 'ਚ ਵੀ ਸਤਿਕਾਰ ਦੀ ਥਾਂ ਬਣਾ ਲਈ ਸੀ। ਮੈਂ ਇਹ ਇਕਬਾਲ ਕਰਨਾ ਚਾਹੁੰਦਾ ਹਾਂ ਕਿ ਉਦੋਂ ਮੇਰੀਆਂ ਜਿੰਦੇ ਪ੍ਰਤੀ ਭਾਵਨਾਵਾਂ ਇੱਕ ਪ੍ਰੋਫੈਸਨਲ ਪੁਲਿਸ ਅਫਸਰ ਵਾਲੀਆਂ ਨਹੀਂ ਸਨ ਬਲਕਿ ਪ੍ਰਸੰਸਾ ਤੇ ਨਿੱਘ ਵਾਲੀਆਂ ਸਨ..।'

ਖਾਲਸਤਾਨੀ ਸੰਘਰਸ਼ ਦੇ ਇਸ ਸਿਪਾਹ ਸਿਲਾਰ ਨੂੰ 'ਦੁਸਮਣ' ਵੱਲੋਂ ਦਿੱਤੀ ਗਈ, ਇਸ ਸਰਧਾਂਜਲੀ ਚੋਂ ਭਵਿੱਖ ਦੀਆਂ ਪੀੜੀਆਂ ਨੂੰ ਖਾਲਸਤਾਨੀ ਸੰਘਰਸ਼ ਦੇ ਯੋਧਿਆਂ ਦੀ ਅਸਲੀ ਤਸਵੀਰ ਨਜ਼ਰ ਆ ਰਹੀ ਹੋਵੇਗੀ।

**ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੀ ਸੰਖੇਪ ਜੀਵਨੀ** : ਭਾਈ ਸੁਖਦੇਵ ਸਿੰਘ ਦਾ ਜਨਮ ਰਾਜਿਸਥਾਨ ਜਿਲ੍ਹੇ ਗੰਗਾਨਗਰ ਦੀ ਤਹਿਸੀਲ ਕਰਨਪੁਰ ਦੇ ਚੱਕ ਨੰਬਰ 11 ਵਿੱਚ ਹੋਇਆ। ਆਪ ਜੀ ਦੇ ਪਿਤਾ ਮਹਿੰਗਾ ਸਿੰਘ ਗੁਰਸਿੱਖ ਹਨ ਤੇ ਖੇਤੀ ਦਾ ਕੰਮ ਕਰਦੇ ਹਨ। ਮਾਤਾ ਸੁਰਜੀਤ ਕੌਰ ਪੂਰਨ ਗੁਰਸਿਖ, ਰਹਿਤ ਦੇ ਧਾਰਨੀ ਤੇ ਨਿਤਨੇਮੀ ਹਨ। ਭਾਈ ਸੁਖਦੇਵ ਸਿੰਘ ਨੂੰ ਸਿੱਖੀ ਸਿਦਕ ਦੀ ਦਾਤ ਵਿਰਸੇ ਵਿੱਚ ਮਿਲੀ ਹੋਈ ਸੀ। ਸਕੂਲ ਦੀ ਪੜ੍ਹਾਈ ਦੇ ਨਾਲ ਹੀ ਧਾਰਮਿਕ ਵਿਦਿਆ ਤੇ ਗੁਰਬਾਣੀ ਦਾ ਅਭਿਆਸ ਉਸ ਦਾ ਨਿਤ ਕਰਮ ਬਣ ਗਿਆ। ਮੁੱਢਲੀ ਵਿਦਿਆ ਪਿੰਡ ਮਾਣਕਪੁਰ ਚੱਕ ਨੰਬਰ 13 ਤੋਂ ਪ੍ਰਾਪਤ ਕੀਤੀ ਤੇ ਕਾਨਪੁਰ ਤੋਂ ਦਸਵੀਂ ਪਾਸ ਕਰਕੇ ਗਿਆਨ ਜੋਤੀ ਕਾਲਜ ਤੋਂ ਬੀ. ਏ. ਪਾਸ ਕੀਤੀ। ਐਮ. ਏ ਅੰਗਰੇਜੀ ਵਿੱਚ ਪੜ੍ਹਦੇ ਸਨ, ਜਦੋਂ 1984 ਦਾ ਸਿੱਖੀ ਦਮਨ ਕਰਨ ਵਾਲਾ ਘੱਲੂਘਾਰਾ ਵਾਪਰ ਗਿਆ। ਭਾਈ ਸੁੱਖਾ ਜੀ ਘਰੋਂ ਬੇਘਰ ਹੋ ਕੇ ਸਿੱਖੀ ਦੀ ਪੱਤ ਬਚਾਉਣ ਦੀਆ ਵਿਉਂਤਾਂ ਵਿੱਚ ਲਗ ਗਿਆ। ਆਪਣੇ ਮਿੱਤਰ ਬਲਜਿੰਦਰ ਸਿੰਘ ਰਾਜੂ ਦੇ ਭੂਆ ਦੇ ਪੁੱਤਰ ਹਰਜਿੰਦਰ ਸਿੰਘ ਜਿੰਦਾ ਨੂੰ ਆਪਣੇ ਕਾਰਜ ਦੇ ਨਿਸ਼ਾਨੇ ਉੱਤੇ ਪੁੱਜਣ ਲਈ ਆਪ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕੀਤੀ। ਗੁਰੂ ਮਹਾਰਾਜ ਦੇ ਬਖ਼ਸ਼ੇ ਹੋਏ ਲਾਡਲੇ ਸਪੁੱਤਰਾਂ ਨੂੰ ਪੰਥ ਦੇ ਲੇਖੇ ਲਾ ਸੁਰਖ਼ਰੂ ਹੋ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ। ਭਾਈ ਲਾਭ ਸਿੰਘ ਪੰਜਵਡ, ਭਾਈ ਜਰਨੈਲ ਸਿੰਘ ਹਲਵਾਰਾ ਤੇ ਮਥਰਾ ਸਿੰਘ ਚੌਂਡੇ ਮਧਰੇ ਤੇ ਭਾਈ ਚਰਨਜੀਤ ਸਿੰਘ ਚੰਨੀ ਲੁਧਿਆਣਾ (ਪੰਜਾਬ) ਵਿੱਚ ਸਰਗਰਮ ਸਨ। ਉਨਾਂ ਵਿੱਚ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਨੇ ਪੰਜਾਬ ਤੋਂ ਬਾਹਰ ਦਿੱਲੀ ਨੂੰ ਆਪਣੀਆਂ ਸਰਗਰਮੀਆਂ ਦਾ ਕੇਂਦਰ ਬਣਾਇਆ ਹੋਇਆ ਸੀ ਕਿਉਂਕਿ ਨਵੰਬਰ 1984 ਵਿੱਚ ਸਿੱਖਾਂ ਦੀ ਸਭ ਤੋਂ ਵੱਧ ਕਤਲੇਆਮ ਤੇ ਬੇਪਤੀ ਦਿੱਲੀ ਵਿੱਚ ਹੋਈ ਸੀ। ਦਿੱਲੀ ਵਿੱਚ ਇਨਾਂ ਦਾ ਨਾਮ ਸੁਣ ਕੇ ਅਤੇ ਸਰਕਾਰ ਵੱਲੋਂ ਟੀ. ਵੀ. ਉੱਤੇ ਇਨ੍ਹਾਂ ਦੀਆਂ ਤਸਵੀਰਾਂ ਦਿਖਾਉਣ ਕਰਕੇ ਦਿੱਲੀ ਦੇ ਫ਼ਿਰਕੂ ਕਾਤਲ ਘਰਾਂ ਤੋਂ ਬਾਹਰ ਨਹੀਂ ਨਿਕਲਦੇ ਸਨ। ਇਕ ਵਾਰੀ ਭਾਈ ਹਰਜਿੰਦਰ ਸਿੰਘ ਜਿੰਦਾ ਦਿੱਲੀ ਪੁਲਿਸ ਦੇ ਕਾਬੂ ਆ ਗਏ ਤੇ ਅਹਿਮਦਾਬਾਦ ਜੇਲ ਵਿੱਚ ਭੇਜ ਦਿੱਤੇ ਗਏ ਉੱਥੋਂ ਕਿਸੇ ਢੰਗ ਨਾਲ ਨਿਕਲਣ ਵਿੱਚ ਸਫਲ ਹੋ ਗਏ ਫਿਰ ਇਹਨਾਂ ਨੇ ਹਿੰਦੁਸਤਾਨੀ ਫੌਜਾਂ ਦੇ ਉਸ ਵੇਲੇ ਦੇ ਕਮਾਂਡਰ ਇਨ-ਚੀਫ ਜਨਰਲ ਵੈਦਿਆ ਨੂੰ ਸੋਧਣ ਦਾ ਪ੍ਰੋਗਰਾਮ ਬਣਾਇਆ, ਜਿਸ ਦੀ ਕਮਾਨ ਹੇਠ ਫੌਜ ਵੱਲੋਂ ਸ੍ਰੀ ਦਰਬਾਰ ਸਾਹਿਬ ਜੀ ਤੇ ਹੋਰ ਗੁਰਦੁਆਰਿਆਂ ਦੀ ਬੇਹੁਰਮਤੀ (ਬੇਇੱਜ਼ਤੀ) ਹੋਈ ਸੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ-ਢੇਰੀ ਕੀਤਾ ਗਿਆ ਸੀ। ਜਨਰਲ ਵੈਦਿਆ ਫੌਜ ਵਿੱਚੋਂ ਰਿਟਾਇਰ ਹੋ ਕੇ ਪੂਨੇ ਵਿੱਚ ਰਹਿ ਰਿਹਾ ਸੀ। ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਪੂਨੇ ਪਹੁੰਚ ਗਏ ਤੇ ਜਨਰਲ ਵੈਦਿਆ ਦੀ ਭਾਲ ਪਿੱਛੋਂ ਮੌਕਾ ਮਿਲਦਿਆਂ ਹੀ ਉਸ ਨੂੰ ਗੋਲੀਆਂ ਦਾ ਨਿਸ਼ਾਨਾ ਬਣਾ ਦਿੱਤਾ। ਇਸ ਤਰ੍ਹਾਂ ਉਨ੍ਹਾਂ ਨੇ ਪਾਪੀ ਨੂੰ ਉਸ ਦੇ ਪਾਪਾਂ ਦੀ ਸਜ਼ਾ ਦੇ ਕੇ ਆਪਣੇ ਮਿਥੇ ਨਿਸ਼ਾਨੇ ਦੀ ਪੂਰਤੀ ਕੀਤੀ।' 17 ਸਤੰਬਰ 1987 ਨੂੰ ਭਾਈ ਸੁੱਖਾ ਜੀ ਦਾ ਪੂਨੇ ਇੱਕ ਟਰੱਕ ਨਾਲ ਐਕਸਿਡੈਂਨਟ ਹੋ ਗਇਆ ਉਸ ਸਮੇਂ ਭਾਈ ਸੁੱਖਾ ਜੀ ਉਸ ਮੋਟਰ ਸਾਇਕਲ 'ਤੇ ਹੀ ਸਵਾਰ ਸਨ ਜੋ ਉਨ੍ਹਾਂ ਨੇ ਵੈਦਯ ਨੂੰ ਸੋਧ ਲਾਉਣ ਸਮੇਂ ਇਸਤੇਮਾਲ ਕੀਤਾ ਸੀ। ਭਾਈ ਜਿੰਦਾ ਜੀ ਦੇ 1987 ਦੇ ਦਿੱਲੀ ਮੁਕਾਬਲੇ 'ਚ ਪੈਰ 'ਚ ਗੋਲੀ ਲਗੀ ਸੀ ਅਤੇ ਮਾਰਚ ਦੇ ਮਹੀਨੇ ਭਾਈ ਜਿੰਦਾ ਜੀ ਨੂੰ ਗੁਰਦੁਆਰਾ ਮਜਨੂੰ ਦਾ ਟਿਲਾ (ਦਿੱਲੀ) ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਦੋਵਾਂ ਸਿੰਘਾਂ ਤੇ ਜਨਰਲ ਵੈਦਯ ਦੀ ਹਤਿਆ ਦਾ ਦੋਸ਼ ਲਾਇਆ ਗਇਆ ਜਿਸ ਦੀ ਸਜ਼ਾ ਮੌਤ ਤੋਂ ਘੱਟ ਨਹੀਂ ਸੀ। 21 ਅਕਤੂਬਰ 1989 ਨੂੰ 2. 05 ਵਜੇ ਦੋਵੇਂ ਸਿੰਘਾਂ ਨੂੰ ਜੱਜ ਨੇ ਫਾਂਸੀ ਦੇਣ ਦੇ ਹੁਕਮ ਸੁਣਾ ਦਿੱਤੇ, ਜਿਸ ਦਾ ਸੁਆਗਤ ਦੋਵੇਂ ਸਿੰਘਾਂ ਨੇ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ।' ਦੇ ਜੈਕਾਰਿਆਂ ਅਤੇ 'ਖਾਲਿਸਤਾਨ ਜ਼ਿੰਦਾਬਾਦ' ਦੇ ਨਾਹਰਿਆਂ ਨਾਲ ਕੀਤਾ। ਭਾਈ ਜਿੰਦਾ ਅਤੇ ਭਾਈ ਸੁੱਖਾ ਜੀ ਨੇ ਆਪਣੀ ਸਜ਼ਾ ਦੇ ਵਿਰੁਧ ਅਗਾਂਹ (ਹਾਈਕੋਰਟ 'ਚ) ਕੋਈ ਅਪੀਲ ਦਰਜ ਨਹੀਂ ਕੀਤੀ ਪਰ ਬਹੁਤ ਸਿੱਖ ਜਥੇਬੰਦੀਆਂ ਨੇ ਦੋਵੇਂ ਸਿੰਘਾਂ ਦੇ ਹੱਕ ਚ ਅਰਜ਼ੀਆਂ ਪਾਈਆਂ ਪਰ 9 ਅਕਤੂਬਰ 1992 ਨੂੰ ਕੋਰਟ ਨੇ ਉਨ੍ਹਾਂ ਅਰਜ਼ੀਆਂ ਨੂੰ ਨਾਂ ਮਨਜ਼ੂਰ ਕਰਦਿਆਂ ਰੱਦ ਕਰ ਦਿੱਤਾ। ਯਾਰਵੜਾ ਦੀ ਜੇਲ 'ਚ ਭਾਈ ਜਿੰਦਾ ਜੀ ਅਤੇ ਭਾਈ ਸੁੱਖ ਜੀ ਨੂੰ 9 ਅਕਤੂਬਰ 1992 (ਸਵੇਰੇ 4 ਵਜੇ) ਫਾਂਸੀ 'ਤੇ ਚੜ੍ਹਾ ਦਿੱਤਾ ਗਿਆ ਇਸ ਤੋਂ ਪਹਿਲਾਂ ਉਨ੍ਹਾਂ ਨੇ ਬੋਲੇ ਸੋ ਨਿਹਾਲ ਦੇ ਨਾਹਰੇ ਲਗਾਏ। ਦੋਵੇਂ ਸਿੰਘਾਂ ਨੂੰ 30 ਮਿੰਟਾਂ ਤੱਕ ਹਵਾ 'ਚ ਲਟਕਦਿਆਂ ਰੱਖਿਆ ਗਿਆ, ਉਸ ਤੋਂ ਬਾਅਦ ਹੀ ਥੱਲੇ ਉਤਾਰਿਆ ਗਿਆ। ਉਸ ਦਿਨ ਪੂਰੇ ਉੱਤਰ ਭਾਰਤ ਨੂੰ ਹਾਈ ਅਲਰਟ ਕੀਤਾ ਹੋਇਆ ਸੀ। ਭਾਈ ਜਿੰਦਾ ਜੀ ਅਤੇ ਭਾਈ ਸੁਖਾ ਜੀ ਦੇ ਅੰਤਿਮ ਸੰਸਕਾਰ ਮੁਲਾ ਦਰਿਆ ਦੇ ਕੰਡੇ 'ਤੇ 4 ਉਪ ਪੁਲਿਸ ਆਯੁਕਤ, 10 ਜੂਨਿਯਰ ਆਯੁਕਤ, 14 ਨਿਰੀਕ੍ਸ਼ਕ, 145 ਜੂਨਿਯਰ ਨਿਰੀਕ੍ਸ਼ਕ, 1275 ਹੋਰ ਅਧਿਕਾਰੀਆਂ ਦੀ ਤਾਇਨਾਤੀ ਹੇਠ ਸਵੇਰੇ 6.30 ਵਜੇ ਕੀਤੇ ਗਏ। ਉਸ ਦਿਨ ਪੰਜਾਬ ਸਮੇਤ ਭਾਰਤ ਦੇ ਬਾਕੀ ਰਾਜਾਂ 'ਚ ਵੀ ਭਾਰੀ ਵਿਰੋਧ ਕੀਤੇ ਗਏ। ਸਿੱਖ ਸੰਗਤਾਂ ਸ੍ਰੀ ਦਰਬਾਰ ਸਾਹਿਬ (ਅੰਮ੍ਰਿਤਸਰ) ਵਿਖੇ ਇਕੱਠੀਆਂ ਹੋਈਆ ਜਿੱਥੋਂ ਭਾਰਤੀ ਫੋਰਸਾਂ ਨੇ 300 ਦੇ ਲਗਭਗ ਸਿੱਖਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਭਾਈ ਜਿੰਦਾ ਤੇ ਭਾਈ ਸੁੱਖਾ ਜੀ ਨੇ ਰਾਸਟਰਪਤੀ ਨੂੰ ਲਿਖੇ ਆਪਣੇ ਪੱਤ੍ਰ ਵਿੱਚ ਖਾਲਸਤਾਨੀ ਸੰਘਰਸ਼ ਦੀ ਤਰਜਮਾਨੀ ਕਰਦਿਆਂ ਬੜੇ ਫ਼ਖ਼ਰ ਨਾਲ ਲਿਖਿਆ ਸੀ: 'ਜਦੋਂ ਕੌਮਾਂ ਜਾਗਦੀਆਂ ਹਨ ਤਾਂ ਇਤਿਹਾਸ ਨੂੰ ਕੰਬਣੀ ਛਿੜ ਜਾਂਦੀ ਹੈ। ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲੇ ਨੇ ਸਮੁੱਚੀ ਕੌਮ ਨੂੰ ਉਸ ਦੇ ਫ਼ਰਜ਼ ਦੀ ਯਾਦ ਕਰਵਾਈ ਹੈ ਤੇ ਹੁਣ ਕੌਮ ਨੇ ਤੁਹਾਡੀ ਗੁਲਾਮੀ ਦਾ ਜੂਲਾ ਪਰ੍ਹਾਂ ਵਗਾਹ ਕੇ ਆਪਣੀ ਮੰਜ਼ਲ ਵੱਲ ਚੜ੍ਹਾਈ ਕੀਤੀ ਹੋਈ ਹੈ।' ਖਾਲਸਾ ਜੀ !ਆਪਣੇ ਕੌਮੀ ਫ਼ਰਜ਼ਾਂ ਦੀ ਪਛਾਣ ਕਰੀਏ। ਇਹੀ ਇਨ੍ਹਾਂ ਦੋ ਮਰਜੀਵੜਿਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ: 'ਜਿਸ ਸਾਨ ਸੇ ਕੋਈ ਮੁਕਤਲ ਮੇਂ ਗਿਆ, ਵੋਹ ਸਾਨ ਸਲਾਮਤ ਰਹਤੀ ਹੈ। ਇਸ ਜਾਨ ਕੀ ਤੋ ਕੋਈ ਬਾਤ ਨਹੀਂ, ਯੇ ਜਾਨ ਤੋ ਆਨੀ-ਜਾਨੀ ਹੈ।' ••

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਗੁਰਮਤਿ ਸਚੀ ਟਕਸਾਲ ॥ ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715I-28621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ

(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI
George Street, West Bromwich
START 9.00AM
GURU NANAK GURDWARA
Edward Street, West Bromwich
11.00AM
GURDWARA AMRIT PARCHAR DHARMIK DIWAN
Birmingham Road, Oldbury
1.00PM
GURDWARA GURU MANEYO GRANTH
Popes Lane, Oldbury
2.00PM
GURDWARA BABA SANG
St Paul's Road, Smethwick
3.15PM
GURU NANAK GURDWARA SMETHWICK
High Street, Smethwick
4.00pm
FINISH
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਅਰੰਭਤਾ: ੯.੦੦ ਵਜੇ
ਗੁਰੂ ਨਾਨਕ ਗੁਰਦੁਆਰਾ,
ਏਡਵਰਡ ਸਟਰੀਟ ਵੈਸਟ ਬ੍ਰਮਵਿਚ
੧੧.੦੦ ਵਜੇ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧.੦੦ ਵਜੇ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਦਬਰੀ
੨.੦੦ ਵਜੇ
ਗੁਰਦੁਆਰਾ ਬਾਬਾ ਸੰਗ ਜੀ
ਸਟ. ਪੌਲਜ਼ ਰੋਡ, ਸਮੈਦਿਕ
੩.੧੫ ਵਜੇ
ਗੁਰੂ ਨਾਨਕ ਗੁਰਦੁਆਰਾ
ਸਮੈਦਿਕ
ਸਮਾਪਤੀ: ੪.੦੦ ਵਜੇ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
ਗੁਰੂ ਹਰਿਰਾਇ
GURDWARA
AMRIT PARCHAR
DHARMIK DIWAN
OLDBURY
Gurdwara
Guru Maneyo Granth
GURU NANAK GURDWARA
SMETHWICK
The Council of Sikh Gurdwaras in Sandwell




### ਇਜਲਾਸ ਸਿੱਖ ਕੌਮ ਦੀ ਏਕਤਾ, ਸ਼ਕਤੀ ਅਤੇ ਸਾਂਝੇ ਉਦੇਸ਼ ਦਾ ਇੱਕ ਸ਼ਕਤੀਸ਼ਾਲੀ ਪ੍ਰਗਟਾਵਾ

# ਫਰੈਂਕਫਰਟ ਵਿੱਚ ਵਰਲਡ ਸਿੱਖ ਪਾਰਲੀਮੈਂਟ ਦਾ ਪੰਜਵਾਂ ਜਨਰਲ ਇਜਲਾਸ ਸਫਲਤਾ ਪੂਰਵਕ ਸੰਪੰਨ

**ਫਰੈਂਕਫਰਟ, ਜਰਮਨੀ, 8 ਅਕਤੂਬਰ (ਸਰਬਜੀਤ ਸਿੰਘ ਬਨੂੜ)-** ਵਰਲਡ ਸਿੱਖ ਪਾਰਲੀਮੈਂਟ ਦੇ ਪੰਜਵੇਂ ਸਾਲਾਨਾ ਜਨਰਲ ਇਜਲਾਸ ਜਰਮਨੀ ਦੇ ਸ਼ਹਿਰ ਫਰੈਂਕਫਰਟ ਵਿੱਚ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ। ਅਮਰੀਕਾ, ਕਨੇਡਾ, ਆਸਟਰੇਲੀਆ, ਯੂਰਪ ਭਰ ਅਤੇ ਯੂਕੇ ਤੋਂ ਪਹੁੰਚੇ 100 ਤੋਂ ਜ਼ਿਆਦਾ ਡੈਲੀਗੇਟਾਂ ਨੇ ਸੈਸ਼ਨ ਵਿੱਚ ਭਾਗ ਲਿਆ ਅਤੇ ਪੰਥਕ ਮੁੱਦਿਆ, ਭਵਿੱਖ ਦੇ ਪ੍ਰੋਗਰਾਮ ਉਲੀਕੇ ਗਏ ਤੇ ਤੇ ਵਿਚਾਰਾਂ ਕੀਤੀਆਂ ਗਈਆਂ। ਸਿੱਖ ਕੌਮ ਦੀ ਏਕਤਾ,

## ਪੰਜਾਬ ਦੇ ਪਿੰਡਾਂ ਵਿੱਚ ਵਾਤਾਵਰਣ, ਸਿਹਤ, ਅਤੇ ਸਮਾਜੀ ਵਿਸ਼ਿਆਂ ਉੱਤੇ ਕੀਤੀ ਜਾ ਰਹੀ ਖੋਜ - ਵਰਲਡ ਸਿੱਖ ਪਾਰਲੀਮੈਂਟ

ਸ਼ਕਤੀ ਅਤੇ ਸਾਂਝੇ ਉਦੇਸ਼ ਦਾ ਇੱਕ ਪ੍ਰਭਾਵਸ਼ਾਲੀ ਪ੍ਰਗਟਾਵਾ ਸੀ।

ਸੈਸ਼ਨ ਵਿੱਚ ਵਰਲਡ ਸਿੱਖ ਪਾਰਲੀਮੈਂਟ ਦੇ ਮੈਂਬਰਾਂ ਅਤੇ ਆਬਜ਼ਰਵਰਾਂ ਨੇ ਪਿਛਲੇ ਸਾਲ ਵਿੱਚ ਕੀਤੇ ਕੰਮ ਦੀ ਪੜਚੋਲ ਕੀਤੀ ਅਤੇ ਅਗਲੇ ਸਾਲ ਵਿੱਚ ਕੀਤੇ ਜਾਣ ਬਾਰੇ ਕੰਮਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ । ਸਾਰੇ ਮੈਂਬਰਾਂ ਨੇ ਸਿੱਖਾਂ ਨੂੰ ਦਰਪੇਸ਼ ਮੁਸ਼ਿਕਲਾਂ ਬਾਰੇ ਆਪਣੇ ਵਿਚਾਰ ਰੱਖੇ ਤੇ ਮਿਲ ਕੇ ਕੀਤੇ ਜਾ ਸਕਣ ਵਾਲੇ ਕੰਮਾਂ ਪ੍ਰਤੀ ਆਪਣੇ ਸੁਝਾਅ ਦਿੱਤੇ। 12 ਘੰਟੇ ਚੱਲੇ ਇਸ ਸੈਸ਼ਨ ਵਿੱਚ ਪਾਸ ਕੀਤੇ ਜਾਣ ਵਾਲੇ ਮਤਿਆ ਉੱਤੇ ਵਿਚਾਰ ਵਟਾਂਦਰਾ ਵੀ ਹੋਇਆ। ਖੁੱਲ੍ਹੇ ਸੈਸ਼ਨ ਵਿੱਚ ਜਰਮਨੀ ਅਤੇ ਯੂਰਪ ਭਰ ਤੋਂ ਪੰਥ ਦਰਦੀ ਸਿੱਖਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਸੈਸ਼ਨ ਦੀ ਅਰੰਭਤਾ ਭਾਈ ਜਸਵਿੰਦਰ ਸਿੰਘ ਹਾਲੈਂਡ ਵੱਲੋਂ ਪੰਜ ਮੂਲ ਮੰਤਰ ਦੇ ਜਾਪ ਅਤੇ ਅਮਰੀਕਾ ਤੋਂ ਬੀਬੀ ਬਚਨ ਸਿੰਘ ਵੱਲੋਂ ਕੀਤੀ ਅਰਦਾਸ ਨਾਲ ਹੋਈ। ਭਾਈ ਗੁਰਚਰਨ ਸਿੰਘ ਗੁਰਾਇਆ ਨੇ ਸਵਾਗਤੀ ਭਾਸ਼ਣ ਦਿੱਤਾ ਤੇ ਅਮਰੀਕਾ ਦੇ ਖਾਲਿਸਤਾਨ ਆਗੂ ਡਾ. ਅਮਰਜੀਤ ਸਿੰਘ ਨੇ ਸਪੀਕਰ ਦੀ ਜ਼ਿੰਮੇਵਾਰੀ ਸੰਭਾਲਦਿਆਂ ਵਰਲਡ ਸਿੱਖ ਪਾਰਲੀਮੈਂਟ ਦੀ ਹੋਂਦ ਦਾ ਮਕਸਦ ਅਤੇ ਪਾਰਲੀਮੈਂਟ ਦੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਪੰਜਵੇਂ ਸੈਸ਼ਨ ਦੀ ਅਹਿਮੀਅਤ ਨੂੰ ਦੱਸਿਆ ਕੌਮੀ ਸਿੱਖਾਂ ਦੇ ਇਕੱਠ ਨੂੰ ਜ਼ਾਲਮ ਭਾਰਤੀ ਸਰਕਾਰ ਨੂੰ ਸੁਨੇਹਾ ਦਿੰਦਿਆਂ ਮੌਜੂਦਾ ਸਿੱਖ ਸੰਘਰਸ਼ ਵਿੱਚ ਡੇਢ ਲੱਖ ਸ਼ਹੀਦਾਂ ਨੂੰ ਯਾਦ ਕਰਦਿਆਂ ਅਤੇ ਉਹਨਾਂ ਦੇ ਨਕਸ਼ੇ ਕਦਮਾਂ ਤੇ ਚੱਲਣ ਦਾ ਪ੍ਰਣ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਰਲਡ ਸਿੱਖ ਪਾਰਲੀਮੈਂਟ ਇਕ ਪਾਰਟੀ ਨਹੀਂ ਬਲਕਿ ਸਿੱਖ ਮਿਸਲਾਂ ਵਾਲਾ ਮਾਡਲ ਹੈ ਅਤੇ ਉਸੇ ਇਤਿਹਾਸ ਤੋਂ ਹੀ ਸੇਧ ਲਈ ਜਾ ਰਹੀ ਹੈ।

ਇਸ ਮੌਕੇ ਭਾਈ ਮਨਪ੍ਰੀਤ ਸਿੰਘ ਅਤੇ ਭਾਈ ਹਿੰਮਤ ਸਿੰਘ ਨੇ ਪਿਛਲੇ ਸਾਲ ਦੌਰਾਨ ਵਰਲਡ ਸਿੱਖ ਪਾਰਲੀਮੈਂਟ ਦੇ ਕੀਤੇ ਕਾਰਜਾਂ ਦੀ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਯੂ ਐਨ ਓ ਵਿੱਚ ਸਿੱਖ ਮੁੱਦਿਆ ਨੂੰ ਉਠਾਉਣਾ, ਹਿਊਮਨ ਰਾਈਟਜ਼ ਕਮਿਸ਼ਨ ਵੱਲੋਂ ਭਾਰਤ ਸਰਕਾਰ ਦੇ ਕੀਤੇ ਰਿਵਿਊ ਵਿੱਚ ਹਿੱਸਾ ਪਾਉਣਾ, ਅਮਰੀਕਾ ਦੀ ਸਰਕਾਰ ਨਾਲ ਸਿੱਖਾਂ ਦੀ ਗੱਲਬਾਤ ਅਤੇ ਟਰਾਂਸ ਨੈਸ਼ਨਲ ਰਿਪਰੈਸ਼ਨ ਦੇ ਵਿਰੋਧ ਵਿੱਚ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਵਰਲਡ ਸਿੱਖ ਪਾਰਲੀਮੈਂਟ ਦੀ ਧਾਰਮਿਕ ਕੌਂਸਲ ਵੱਲੋਂ ਭਾਈ ਜਸਵਿੰਦਰ ਸਿੰਘ ਹਾਲੈਂਡ, ਸਿੱਖਿਆ ਕੌਂਸਲ ਦੇ ਭਾਈ ਜਗਜੀਤ



ਸਿੰਘ , ਭਾਈ ਗੁਰਪ੍ਰੀਤ ਸਿੰਘ ਵੱਲੋਂ ਆਪਣੇ ਨਵੇਂ 'ਮਾਈ ਪਿੰਡ ਪਰਾਜੈਕਟ' ਬਾਰੇ ਦੱਸਿਆ ਅਤੇ ਪੰਜਾਬ ਦੇ ਪਿੰਡਾਂ ਵਿੱਚ ਵਾਤਾਵਰਣ, ਸਿਹਤ, ਅਤੇ ਸਮਾਜੀ ਵਿਸ਼ਿਆਂ ਉੱਤੇ ਕੀਤੀ ਜਾ ਰਹੀ ਖੋਜ ਬਾਰੇ ਜਾਣਕਾਰੀ ਦਿੱਤੀ। ਹਿਊਮਨ ਰਾਈਟਜ਼ ਕੌਂਸਲ ਦੇ ਪ੍ਰਭਜੋਤ ਸਿੰਘ ਨੇ ਕਕਾਰਾਂ ਦੀ ਬੇਅਦਬੀ, ਨਸਲੀ ਵਿਤਕਰੇ, ਧਾਰਮਿਕ ਅਜ਼ਾਦੀ ਅਤੇ ਹੋਰ ਵਿਸ਼ਿਆਂ ਉੱਤੇ ਕਾਨੂੰਨੀ ਕਾਰਵਾਈ ਤੋਂ ਲੈ ਕੇ ਜਾਗਰੂਕਤਾ ਫੈਲਾਉਣ ਤੱਕ ਕੌਂਸਲ ਦੇ ਕੀਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ । ਵਿੱਤੀ ਕੌਂਸਲ ਵੱਲੋਂ ਭਾਈ ਹਰਦਮ ਸਿੰਘ ਅਜ਼ਾਦ ਨੇ ਵਿੱਤੀ ਮਾਮਲਿਆ ਬਾਰੇ ਚੁਣੌਤੀਆਂ ਅਤੇ ਭਵਿੱਖ ਦੀਆਂ ਨੀਤੀਆਂ ਤੇ ਸੈਲਫ ਡਿਟਰਮੀਨੇਸ਼ਨ ਕੌਂਸਲ ਬਾਰੇ ਯੂ ਐਨ ਓ ਨਾਲ ਸਬੰਧਤ ਕੌਂਸਲ ਬਾਰੇ ਭਾਈ ਮਨਪ੍ਰੀਤ ਸਿੰਘ ਵੱਲੋਂ ਜਾਣਕਾਰੀ ਦਿਤੀ ਗਈ ਜਿਸ ਵਿੱਚ ਜਨੇਵਾ ਵਿੱਚ ਭਾਰਤ ਸਰਕਾਰ ਦੇ ਹੋਏ ਰਿਵੀਓ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਟਰਾਂਸ ਨੈਸ਼ਨਲ ਰਿਪਰੈਸ਼ਨ ਬਾਰੇ ਅਮਰੀਕਾ ਵਿੱਚ ਪੇਸ਼ ਹੋਏ ਮਤੇ ਵਿੱਚ ਪਹਿਲੀ ਵਾਰ ਖਾਲਿਸਤਾਨ ਸ਼ਬਦ ਨੂੰ ਜੋੜਿਆ ਗਿਆ। ਵੱਖ ਵੱਖ ਦੇਸ਼ਾਂ ਦੇ ਨੁਮਾਇੰਦਿਆਂ ਅਤੇ ਯੂ ਐਸ ਏ ਸੈਨਟਰਾਂ ਨਾਲ ਹੋਏ ਮੇਲਜੋਲ ਬਾਰੇ ਜਾਣਕਾਰੀ ਦਿੱਤੀ ਗਈ । ਕੈਨੇਡਾ ਤੋਂ ਭਾਈ ਸਿਮਰਨਜੋਤ ਸਿੰਘ ਨੇ ਕਨੇਡਾ ਅਤੇ ਵੈਲਫੇਅਰ ਕੌਂਸਲ ਵੱਲੋਂ ਦੇਸ਼ਾਂ ਵਿਦੇਸ਼ਾਂ ਵਿੱਚ ਕੀਤੇ ਲੋਕ ਭਲਾਈ ਦੇ ਕੰਮਾਂ ਬਾਰੇ ਭਾਈ ਸੰਤੋਖ ਸਿੰਘ ਵੱਲੋਂ ਦੱਸਿਆ ਗਿਆ। ਇਸ ਮੌਕੇ ਭਾਈ ਗੁਰਵਿੰਦਰ ਸਿੰਘ ਆਸਟਰੇਲੀਆ ਅਤੇ ਹਰਜਾਪ ਸਿੰਘ ਜਾਫੀ, ਭਾਈ ਸ਼ਾਮ ਸਿੰਘ ਆਸਟ੍ਰੇਲੀਆ, ਡਾ: ਇਕਤਦਾਰ ਚੀਮਾ ਨੇ ਅੰਤਰਾਸ਼ਟਰੀ ਹਾਲਾਤਾਂ ਦੇ ਸਨਮੁੱਖ ਸਿੱਖਾਂ ਨੂੰ ਕਰਨ ਵਾਲੇ ਕੰਮਾਂ ਬਾਰੇ ਵਿਚਾਰਾਂ ਦਿੱਤੀਆਂ।







ਸੈਸ਼ਨ ਦੇ ਦੂਸਰੇ ਹਿੱਸੇ ਵਿੱਚ ਯੂਰਪ ਦੇ ਨੌਜਵਾਨਾਂ ਨੂੰ ਸਥਾਨਕ ਸਿਆਸਤ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਦੇ ਨਿਸ਼ਾਨੇ ਨਾਲ ਸਿੱਖ ਯੂਥ ਰਣਨੀਤੀ ਸੈਸ਼ਨ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਯੂਰਪ ਭਰ ਦੇ ਨੌਜਵਾਨਾਂ ਨੇ ਹਿੱਸਾ ਲਿਆ ਤੇ ਪੰਥਕ ਆਗੂਆਂ ਦੇ ਵਿਚਾਰ ਸੁਣੇ । ਇਸ ਮੌਕੇ ਜਰਮਨ ਤੋਂ ਗਰੀਨ ਪਾਰਟੀ ਦੀ ਬੀਬੀ ਮਹਿਵਿਸ਼ ਇਫਤਿਖਾਰ ਅਤੇ ਡਾ: ਇਰਾਨਬੋਮੀ ਨੇ ਸੰਬੋਧਨ ਕੀਤਾ ਤੇ ਨੌਜਵਾਨਾਂ ਨੂੰ ਜਰਮਨ ਸਿਆਸਤ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਬਾਰੇ ਕਿਹਾ ਗਿਆ। ਇਸ ਤੋਂ ਬਾਅਦ ਇੱਕ ਲੰਮਾਂ ਸਵਾਲ ਜਵਾਬ ਸੈਸ਼ਨ ਚੱਲਿਆ ਜਿਸ ਵਿੱਚ ਡਾ: ਅਮਰਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਪ੍ਰਭ ਸਿੰਘ, ਡਾ: ਤੇਜਪਾਲ ਸਿੰਘ ਅਤੇ ਜਗਜੀਤ ਸਿੰਘ ਨੇ ਨੌਜਵਾਨਾਂ ਦੇ ਸਵਾਲਾਂ ਦੇ ਜਵਾਬ ਦਿੱਤੇ।




# • ਸੱਦਾ-ਪੱਤਰ •

ਸਤਿਕਾਰਯੋਗ ਜੀਓ, ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫ਼ਤਹਿ।।

ਦੇਸ਼ ਵਿਦੇਸ਼ ਵਿੱਚ ਵੱਸਦੇ ਸਮੂਹ ਪੰਥ ਦਰਦੀਆਂ, ਧਾਰਮਿਕ ਜਥੇਬੰਦੀਆਂ ਦੇ ਆਗੂਆਂ ਅਤੇ ਪੰਥਕ ਸੋਚ ਰੱਖਣ ਵਾਲੇ ਸਮੂਹ ਲੀਡਰ ਸਾਹਿਬਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ ਆਪਣੇਂ ਕੀਮਤੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਸਿੱਖ ਕੌਮ ਦੇ ਮਹਾਨ ਸ਼ਹੀਦ, ਸਿਰਲੱਥ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੇ ਸ਼ਹੀਦੀ ਸਮਾਗਮ ਤੇ 9 ਅਕਤੂਬਰ ਨੂੰ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਦਾਸਿਨ ਦਾਸ :-

## ਸ਼ਮਸ਼ੇਰ ਸਿੰਘ ਪੱਧਰੀ

ਸਮਰਥੱਕ ( ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ )

## ਸਿੱਖ ਯੂਥ ਯੂ. ਕੇ. ਮੁਕੱਦਮਾ

# ਸਿੱਖ ਸਰਗਰਮੀ ਅਤੇ ਯੂਕੇ-ਭਾਰਤ 'ਅੱਤਵਾਦ ਵਿਰੋਧੀ' ਏਜੰਡਾ

## ਸਿੱਖ ਯੂਥ ਯੂ. ਕੇ. ਇੱਕ ਰਜਿਸਟਰਡ ਚੈਰਿਟੀ ਨਹੀਂ ਸੀ, ਫਿਰ ਵੀ ਇਸਨੂੰ ਇੱਕ ਅਪਰਾਧਿਕ ਰੂਪ ਦਿੱਤਾ ਜਾ ਰਿਹਾ- ਦੀਪਾ ਸਿੰਘ

**ਲੰਡਨ, 08 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਯੂਨਾਈਟਿਡ ਕਿੰਗਡਮ ਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦਾ ਇੱਕ ਲੰਮਾ ਇਤਿਹਾਸ ਹੈ, ਜੋ ਪਿਛਲੇ ਕੁਝ ਸਾਲਾਂ ਵਿੱਚ ਤੇਜ਼ ਹੋ ਗਿਆ ਹੈ ਕਿਉਂਕਿ ਸਰਕਾਰ ਨਿਗਰਾਨੀ ਅਤੇ ਅਪਰਾਧੀਕਰਨ ਦੇ ਰਚਨਾਤਮਕ ਰਾਜ-ਪ੍ਰਵਾਨਿਤ ਤਰੀਕਿਆਂ ਨੂੰ ਵਰਤਦੀ ਹੈ। ਹਾਲ ਹੀ ਵਿੱਚ, ਸਿੱਖ ਯੂਥ ਯੂਕੇ ਨੂੰ ਵੈਸਟ ਮਿਡਲੈਂਡਜ਼ ਪੁਲਿਸ ਕਾਊਂਟਰ ਟੈਰੋਰਿਜ਼ਮ ਯੂਨਿਟ (ਸੀਟੀਯੂ) ਦੇ ਨਤੀਜੇ ਵਜੋਂ ਮੁਕੱਦਮੇ ਵਿੱਚ ਰੱਖਿਆ ਗਿਆ ਸੀ ਕਿ SYUK "ਚੈਰਿਟੀ ਕਮਿਸ਼ਨ ਨੂੰ ਗੁੰਮਰਾਹ ਕਰ ਰਿਹਾ ਸੀ।" ਮਿਲੀ ਜਾਣਕਾਰੀ ਅਨੁਸਾਰ , SYUK ਇੱਕ ਰਜਿਸਟਰਡ ਚੈਰਿਟੀ ਹੈ ਹੀ ਨਹੀਂ, ਪਰ ਫਿਰ ਵੀ ਇਸ ਨੂੰ ਪੁਲਸ ਨੇ ਇਕ ਅਪਰਾਧਿਕ ਤੌਰ ਤੇ ਕਟਹਿਰੇ ਵਿੱਚ ਖੜਾ ਕੀਤਾ ਹੈ।

SYUK ਦਾ ਇਹ ਮੁਕੱਦਮਾ ਅਤੇ ਅਪਰਾਧੀਕਰਨ ਸਾਰੀਆਂ ਜ਼ਮੀਨੀ ਪੱਧਰਾਂ, ਭਾਈਚਾਰਕ, ਧਾਰਮਿਕ, ਅਤੇ ਹੋਰ ਗੈਰ-ਮਾਫੀਵਾਦੀ ਪੰਥਕ ਜਥੇਬੰਦੀਆਂ ਲਈ ਪੰਥਕ ਜੱਥੇਬੰਦੀਆਂ ਵਿੱਚ ਸ਼ਾਮਲ ਸਿੱਖ ਕਾਰਕੁਨਾਂ ਵਿਰੁੱਧ ਤੈਨਾਤ ਕੀਤੇ ਜਾ ਰਹੇ ਤੰਤਰ ਅਤੇ ਰਣਨੀਤੀਆਂ ਬਾਰੇ ਇੱਕ ਚੇਤਾਵਨੀ ਹੈ। SYUK ਦੇ ਖਿਲਾਫ ਮੁਕੱਦਮੇ ਨੂੰ ਸਮਝਣ ਲਈ, ਸਾਨੂੰ ਭਾਰਤ ਅਤੇ ਯੂਕੇ ਸਰਕਾਰਾਂ ਵਿਚਕਾਰ ਮਿਲੀਭੁਗਤ ਅਤੇ ਖੁਫੀਆ ਜਾਣਕਾਰੀ ਦੇ ਆਦਾਨ-ਪ੍ਰਦਾਨ, ਜਗਤਾਰ ਸਿੰਘ ਦੇ ਕੇਸ, ਅਤੇ ਵੈਸਟ ਮਿਡਲੈਂਡਜ਼ 3 ਦੀ ਅਸਫਲ ਹਵਾਲਗੀ ਦੇ ਅੱਠ ਸਾਲਾਂ ਦੇ ਅੰਦਰ ਇਸ ਨੂੰ ਸਾਨੂੰ ਸਮਝਣ ਅਤੇ ਸੋਚਣ ਦੀ ਜਰੂਰਤ ਹੈ।

ਜਨਵਰੀ 2016 ਅਤੇ ਅਕਤੂਬਰ 2017 ਦੇ ਵਿਚਕਾਰ, ਪੰਜਾਬ ਵਿੱਚ ਉੱਚ ਦਰਜੇ ਦੇ ਦੱਖਣਪੰਥੀ ਹਿੰਦੂਤਵੀ ਸ਼ਖਸੀਅਤਾਂ ਦੀਆਂ ਹੱਤਿਆਵਾਂ ਦੀ ਇੱਕ ਲੜੀ ਸੀ। ਸ਼ਿਵ ਸੈਨਾ ਨੇਤਾ ਦੁਰਗਾ ਪ੍ਰਸਾਦ ਗੁਪਤਾ, ਆਰਐਸਐਸ ਦੇ ਉਪ ਪ੍ਰਧਾਨ ਜਗਦੀਸ਼ ਗਜਨੇਜਾ ਅਤੇ ਹਿੰਦੂ ਸੰਘਰਸ਼ ਸੈਨਾ ਦੇ ਮੁਖੀ ਵਿਪਨ ਸ਼ਰਮਾ ਸਮੇਤ ਕੁੱਲ 9 ਵਿਅਕਤੀਆਂ ਦੀ ਹੱਤਿਆ ਕਰ ਦਿੱਤੀ ਗਈ ਸੀ। ਉਸ ਸਮੇਂ, ਭਾਰਤੀ ਸਥਾਪਨਾ ਸਦਮੇ ਵਿੱਚ ਸੀ ਕਿਉਕਿ ਕੀਮਤੀ ਕਾਸ਼ਤ ਵਾਲੀਆਂ ਜਾਇਦਾਦਾਂ ਨੂੰ ਖਤਮ ਕੀਤਾ ਜਾ ਰਿਹਾ ਸੀ ਪਰ ਪਤਾ ਨਹੀਂ ਇਹਨਾਂ ਹੱਤਿਆਵਾਂ ਲਈ ਕੌਣ ਜ਼ਿੰਮੇਵਾਰ ਸੀ। ਇਹਨਾਂ ਹਤਿਆਵਾਂ ਦੇ ਨਤੀਜੇ ਵਜੋਂ ਭਾਰਤ ਦਾਅਵਾ ਕਰ ਰਿਹਾ ਹੈ ਕਿ ਪੰਜਾਬ ਵਿੱਚ ਸਿੱਖ ਖਾੜਕੂਵਾਦ ਨੂੰ ਮੁੜ ਸੁਰਜੀਤ ਕਰਨ ਲਈ ਇੱਕ ਅੰਤਰਰਾਸ਼ਟਰੀ ਸਾਜ਼ਿਸ਼ ਰਚੀ ਗਈ ਸੀ।

ਭਾਰਤ ਨੇ ਦੋਸ਼ ਲਾਇਆ ਕਿ ਇਨ੍ਹਾਂ ਹੱਤਿਆਵਾਂ ਲਈ ਸਰੋਤ, ਸਮਰਥਨ ਅਤੇ ਤਾਲਮੇਲ ਯੂਕੇ ਅਤੇ ਹੋਰ ਦੇਸ਼ਾਂ ਤੋਂ ਆਏ ਸਨ ਜਿਨ੍ਹਾਂ ਦੀ ਵੱਡੀ ਆਬਾਦੀ ਸਿੱਖ ਡਾਇਸਪੋਰਾ ਹੈ। ਨਵੰਬਰ 2017 ਵਿੱਚ, ਜਗਤਾਰ ਸਿੰਘ ਜੌਹਲ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਉਸ 'ਤੇ ਕਈ ਕੇਸਾਂ ਦਾ ਦੋਸ਼ ਲਗਾਇਆ ਗਿਆ ਸੀ, ਜਿਸ ਨੂੰ ਭਾਰਤੀ ਮੀਡੀਆ ਪੰਜਾਬ ਵਿੱਚ "ਟਾਰਗੇਟ ਕਿਲਿੰਗ" ਦੀ ਲਹਿਰ ਵਜੋਂ ਦਰਸਾਉਂਦਾ ਹੈ। ਜਗਤਾਰ ਸਿੰਘ 'ਤੇ ਦੋਹਰੇ ਦੋਸ਼ ਸਨ: 1) ਸਿੱਖਾਂ ਨੂੰ ਕੱਟੜਪੰਥੀ ਬਣਾਉਣਾ, ਅਤੇ 2) ਕਤਲ ਕਰਨ ਦੀ ਸਾਜ਼ਿਸ਼। ਭਾਰਤ ਤੋਂ ਬਾਹਰ, ਜਗਤਾਰ ਸਿੰਘ ਦੀ ਗ੍ਰਿਫਤਾਰੀ ਅਤੇ ਲਗਾਤਾਰ ਨਜ਼ਰਬੰਦੀ ਨੂੰ ਮਨਮਾਨੀ ਅਤੇ ਸਿਆਸੀ ਤੌਰ 'ਤੇ ਪ੍ਰੇਰਿਤ ਕਰਾਰ ਦਿੱਤਾ ਗਿਆ ਹੈ ਅਤੇ ਦੁਨੀਆ ਭਰ ਦੇ ਸਿੱਖਾਂ ਨੇ ਜਗਤਾਰ ਸਿੰਘ ਜੌਹਲ ਦੀ ਦੁਰਦਸ਼ਾ ਲਈ ਸਮਰਥਨ ਪ੍ਰਗਟ ਕੀਤਾ ਹੈ।

ਭਾਰਤੀ ਸੁਰੱਖਿਆ ਅਦਾਰੇ ਨੂੰ ਪ੍ਰਮੁੱਖ ਹਿੰਦੂਤਵੀ ਹਸਤੀਆਂ ਦੀਆਂ ਬੇਰਹਿਮ ਹੱਤਿਆਵਾਂ ਤੋਂ ਬਾਅਦ ਤਾਕਤ ਦਿਖਾਉਣ ਦੀ ਲੋੜ ਸੀ। ਜਗਤਾਰ ਸਿੰਘ ਦੀ ਗ੍ਰਿਫ਼ਤਾਰੀ ਤੋਂ ਬਾਅਦ ਭਾਰਤ ਨੇ ਹੋਰ ਗ੍ਰਿਫ਼ਤਾਰੀਆਂ ਕੀਤੀਆਂ ਅਤੇ ਖ਼ਾਲਿਸਤਾਨ ਲਿਬਰੇਸ਼ਨ ਫ਼ੋਰਸ 'ਨੂੰ ਟਾਰਗੇਟ ਬਣਾਇਆ। ਭਾਰਤ ਨੇ "ਖਾਲਿਸਤਾਨੀ ਅੱਤਵਾਦ" ਦੇ ਆਪਣੇ ਘਰੇਲੂ ਸੁਰੱਖਿਆ ਬਿਆਨਬਾਜ਼ੀ ਨੂੰ ਵਿਦੇਸ਼ ਨੀਤੀ ਦੀਆਂ ਪਹਿਲਕਦਮੀਆਂ ਵਿੱਚ ਧੱਕਣ ਲਈ 'ਟਾਰਗੇਟ ਕਿਲਿੰਗ' ਦੀ ਵਰਤੋਂ ਕੀਤੀ ਮੰਨੀ ਜਾ ਰਹੀ ਹੈ । ਜੋ ਭਾਰਤ ਦੀਆਂ ਸਰਹੱਦਾਂ ਦੇ ਅੰਦਰ ਅਤੇ ਉਸ ਤੋਂ ਬਾਹਰ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਲਈ ਵਰਤੀ ਜਾ ਰਹੀ ਸਮਝੀ ਜਾ ਰਹੀ ਹੈ। ਕੁਸ਼ ਖੁਲਾਸਿਆਂ, ਖਾਸ ਤੌਰ 'ਤੇ ਕੈਨੇਡਾ ਵਿੱਚ ਭਾਈ ਹਰਦੀਪ ਸਿੰਘ ਦੇ ਕਤਲ ਅਤੇ ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਕੋਸ਼ਿਸ਼ ਦੇ ਆਲੇ ਦੁਆਲੇ ਦੇ ਖੁਲਾਸਿਆਂ ਨੇ ਕਿੱਸੇ ਹਦ ਤੱਕ ਇਸ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਭਾਰਤ ਸਾਰੇ ਸਿੱਖ ਸਰਗਰਮੀਆਂ ਅਤੇ ਖਾਲਿਸਤਾਨ ਦੀ ਹਮਾਇਤ, ਸ਼ਾਂਤੀਪੂਰਨ ਜਾਂ ਨਾ, ਨੂੰ ਅੱਤਵਾਦ ਅਤੇ ਅੱਤਵਾਦ ਦਾ ਸਮਰਥਨ ਮੰਨਦਾ ਹੈ।

ਇਸੇ ਤਰ੍ਹਾਂ ਇੰਗਲੈਂਡ ਵਿੱਚ 18 ਸਤੰਬਰ, 2018 ਨੂੰ ਸੀਟੀਯੂ ਅਧਿਕਾਰੀਆਂ ਵੱਲੋਂ ਭਾਰਤ ਤੋਂ ਮਿਲੀ ਸੂਚਨਾ 'ਤੇ ਕਾਰਵਾਈ ਕਰਦਿਆਂ ਪੰਜ ਸਿੱਖ ਕਾਰਕੁਨਾਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਸੀ। 2018 ਦੇ ਛਾਪੇ ਸਿੱਧੇ ਤੌਰ 'ਤੇ ਜਗਤਾਰ ਸਿੰਘ ਜੌਹਲ ਦੀ ਚੱਲ ਰਹੀ ਨਜ਼ਰਬੰਦੀ ਨਾਲ ਜੁੜੇ ਹੋਏ ਸਮਝੇ ਜਾ ਰਹੇ ਹਨ , ਕਿਉਂਕਿ ਸਾਰੇ ਪੰਜ ਸਿੰਘ FreeJaggiNow ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਸਨ। 19 ਸਤੰਬਰ ਨੂੰ, ਵੈਸਟ ਮਿਡਲੈਂਡਜ਼ ਪੁਲਿਸ, ਇਹਨਾਂ ਛਾਪਿਆਂ ਦੀ ਅਗਵਾਈ ਕਰਨ ਵਾਲੀ ਫੋਰਸ, ਨੇ ਜਨਤਕ ਤੌਰ 'ਤੇ ਟਵੀਟ ਕੀਤਾ ਕਿ ਇਹ ਛਾਪੇ "ਭਾਰਤ ਵਿੱਚ ਕੱਟੜਪੰਥੀ ਗਤੀਵਿਧੀਆਂ ਦੇ ਦੋਸ਼ਾਂ" ਅਤੇ "ਧੋਖਾਧੜੀ ਦੇ ਅਪਰਾਧ" ਦੀ ਜਾਂਚ ਕਰਨ ਲਈ ਸਨ, ਜਿਸਦਾ ਓਹਨਾ ਦਾਅਵਾ ਕੀਤਾ ਕਿ ਪੰਜਾਬ ਵਿੱਚ "ਅੱਤਵਾਦ" ਨੂੰ ਸਮਰਥਨ ਦੇਣ ਲਈ ਮਨੀ ਲਾਂਡਰਿੰਗ ਜਿਹੇ ਆਰੋਪਾਂ ਦੀ ਜਾਂਚ ਕਰਨਾ ਸੀ। .

26 ਸਤੰਬਰ, 2018 ਨੂੰ, ਛਾਪੇ ਤੋਂ ਤੁਰੰਤ ਬਾਅਦ, ਇੰਡੀਆ ਦੀ ਇੱਕ ਮਹੱਤਵਪੂਰਨ ਖਬਰਾ ਨੇ ਇੱਕ ਪਫ-ਪੀਸ ਪ੍ਰਕਾਸ਼ਿਤ ਕੀਤਾ ਜਿਸ ਵਿੱਚ ਉਨ੍ਹਾਂ ਨੇ ਕਈ ਦਾਅਵੇ ਕੀਤੇ: 1) ਭਾਰਤੀ ਸਥਾਪਨਾ "ਅੱਤਵਾਦ ਵਿਰੋਧੀ ਛਾਪਿਆਂ ਨੂੰ ਲੈ ਕੇ ਉਤਸ਼ਾਹਿਤ ਸੀ," 2) ਛਾਪੇ ਇੱਕ " ਬ੍ਰਿਟੇਨ 'ਤੇ ਭਾਰਤੀ ਏਜੰਸੀਆਂ ਦੁਆਰਾ ਭਾਰਤ ਵਿਰੋਧੀ ਅੱਤਵਾਦੀ ਗਤੀਵਿਧੀਆਂ ਵਿੱਚ ਦੇਸ਼ ਵਿੱਚ ਰਹਿ ਰਹੇ ਲੋਕਾਂ ਦੀ ਸ਼ਮੂਲੀਅਤ ਬਾਰੇ ਬਣਾਏ ਗਏ ਕੂਟਨੀਤਕ ਦਬਾਅ ਦੇ ਨਤੀਜੇ, ਅਤੇ 3) "ਰਾਸ਼ਟਰੀ ਜਾਂਚ ਏਜੰਸੀ (NIA) ਅਤੇ ਪੰਜਾਬ ਪੁਲਿਸ ਨੇ ਨਵੇਂ ਸਿਰੇ ਤੋਂ ਜਾਂਚ ਕਰਨ ਦਾ ਫੈਸਲਾ ਕੀਤਾ ਹੈ।

ਇਨ੍ਹਾਂ ਦਾਅਵਿਆਂ ਤੋਂ ਇਲਾਵਾ, ਅਖ਼ਬਾਰ ਦੇ ਲੇਖ ਵਿੱਚ ਯੂਕੇ ਵਿੱਚ ਛਾਪੇਮਾਰੀ ਕੀਤੇ ਗਏ ਸਾਰੇ ਪੰਜ ਸਿੰਘਾਂ ਦੇ ਨਾਮ ਵੀ ਜਾਰੀ ਕੀਤੇ ਗਏ ਸਨ। ਇਹ ਮਹੱਤਵਪੂਰਨ ਹੈ ਕਿਉਂਕਿ ਸਿਰਫ ਦੋ ਸਿੰਘ ਦੇ ਨਾਂਮ ਜਨਤਕ ਹੋਏ ਸਨ। ਇਸ ਨਾਲ ਸਵਾਲ ਪੈਦਾ ਹੁੰਦਾ ਹੈ ਕਿ ਪੰਜਾਂ ਸਿੰਘਾਂ ਦੇ ਪੂਰੇ ਨਾਂ ਭਾਰਤੀ ਅਖਬਾਰ ਨਾਲ ਨਾਲ ਕਿਸਨੇ ਸਾਂਝੇ ਕੀਤੇ। ਕੋਈ ਇਹ ਅੰਦਾਜ਼ਾ ਲਗਾ ਸਕਦਾ ਹੈ ਕਿ ਨਾਮ ਵੈਸਟ ਮਿਡਲੈਂਡਜ਼ ਪੁਲਿਸ ਦੁਆਰਾ ਖੁਦ ਜਾਰੀ ਕੀਤੇ ਗਏ ਹੋ ਸਕਦੇ ਹਨ, ਕਾਲਜ ਆਫ਼ ਪੁਲਿਸਿੰਗ ਦਿਸ਼ਾ-ਨਿਰਦੇਸ਼ਾਂ ਦੇ ਉਲਟ ਜੋ ਜਾਂਚ ਅਧੀਨ ਲੋਕਾਂ ਦੇ ਨਾਵਾਂ ਨੂੰ ਮੀਡੀਆ ਨੂੰ ਜਾਰੀ ਕੀਤੇ ਜਾਣ ਤੋਂ ਰੋਕਦਾ ਹੈ ਜਦੋਂ ਤੱਕ ਦੋਸ਼ ਦਾਇਰ ਨਹੀਂ ਕੀਤੇ ਜਾਂਦੇ, ਅਤੇ ਇਸ ਸਾਰੀ ਗਤੀਵਿਧੀ ਵਿੱਚ ਕੋਈ ਵੀ ਕਿਸੇ ਉਪਰ ਦੋਸ਼ ਦਾਇਰ ਨਹੀਂ ਕੀਤੇ ਗਏ।




ਸਿੱਖ ਯੂਥ ਯੂਕੇ ਦੇ ਕਾਰਕੁਨ ਦੀਪਾ ਸਿੰਘ ਨੇ ਇਸ ਸਬੰਧ ਵਿੱਚ ਗੱਲਬਾਤ ਕਰਦੇ ਆਖਿਆ ਕੀ ਭਾਰਤੀ ਅਖਬਾਰਾਂ ਜੋ ਛਾਪੇਮਾਰੀ ਅਤੇ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦਾ ਜਸ਼ਨ ਮਨਾ ਰਹੀਆਂ ਸਨ। ਉਸ ਸਮੇਂ, ਭਾਰਤੀ ਮੀਡੀਆ ਖੁੱਲ੍ਹੇਆਮ ਛਾਪੇ ਦਾ ਸਿਹਰਾ ਭਾਰਤ ਸਰਕਾਰ ਦੇ ਕੂਟਨੀਤਕ ਦਬਾਅ ਨੂੰ ਦੇ ਰਿਹਾ ਸੀ। ਹਾਲਾਂਕਿ, ਵੈਸਟ ਮਿਡਲੈਂਡਜ਼ ਪੁਲਿਸ ਨੇ ਅਜਿਹੇ ਕਿਸੇ ਵੀ ਲਿੰਕ ਤੋਂ ਇਨਕਾਰ ਕੀਤਾ ਹੈ।

2018 ਦੇ ਛਾਪਿਆਂ ਦਾ ਨਤੀਜਾ ਨਿਰਣਾਇਕ ਸੀ ਕਿਉਂਕਿ ਸੈਂਕੜੇ ਸਿੱਖ ਛਾਪਿਆਂ ਦਾ ਵਿਰੋਧ ਕਰਨ ਲਈ ਅੱਗੇ ਆਏ ਸਨ। ਸਿੱਖ ਕਾਰਕੁਨਾਂ ਦੀ ਨਿਗਰਾਨੀ ਅਤੇ ਨਿਸ਼ਾਨਾ ਬਣਾਉਣ ਵਿੱਚ ਯੂਕੇ ਦੀ ਪੁਲਿਸ ਦੀ ਭੂਮਿਕਾ ਨੂੰ ਸਮਝਦੇ ਹੋਏ, ਨੌਜ਼ਵਾਨ ਨੇ ਸਿੱਖ ਸਥਾਨਾਂ ਅਤੇ ਗੁਰਦੁਆਰਿਆਂ ਵਿੱਚ ਪੁਲਿਸ ਦੀ ਮੌਜੂਦਗੀ ਅਤੇ ਭਰਤੀ 'ਤੇ ਪਾਬੰਦੀ ਲਗਾਉਣ ਲਈ ਪ੍ਰਚਾਰ ਕੀਤਾ, ਜਿਸਦਾ ਯੂਕੇ ਦੀਆਂ ਪ੍ਰਮੁੱਖ ਸਿੱਖ ਸੰਸਥਾਵਾਂ ਦੁਆਰਾ ਸਮਰਥਨ ਕੀਤਾ ਗਿਆ ਸੀ। ਇਹ ਸਥਿਤੀ ਅਗਸਤ 2022 ਵਿੱਚ ਸਹੀ ਸਾਬਤ ਹੋਵੇਗੀ ਜਦੋਂ ਮੁਕਤੀ ਜਗਤਾਰ ਸਿੰਘ ਦੀ ਗ੍ਰਿਫਤਾਰੀ ਵਿੱਚ MIE ਦੀ ਭੂਮਿਕਾ ਵੱਲ ਇਸ਼ਾਰਾ ਹੋਇਆ। 2018 ਦੇ ਛਾਪੇ ਸਿੱਖਾਂ ਅਤੇ ਯੂਕੇ ਦੇ ਸਬੰਧਾਂ ਵਿੱਚ ਇੱਕ ਮੋੜ ਦੀ ਨਿਸ਼ਾਨਦੇਹੀ ਕਰਦੇ ਹਨ।

ਇਸ ਦੇ ਕੇਂਦਰ ਵਿੱਚ ਸਿੱਖ ਯੂਥ ਯੂਕੇ ਦੀ ਪ੍ਰਬੰਧਕੀ ਸਮਰੱਥਾ ਦਾ ਖਾਸ ਤੌਰ 'ਤੇ ਉਨ੍ਹਾਂ ਦੇ ਪਬਲਿਕ ਫੇਸਿੰਗ ਸੇਵਾਦਾਰ ਦੀਪਾ ਸਿੰਘ। ਯੂਕੇ ਵਿੱਚ ਸਿੱਖ ਕਾਰਕੁਨਾਂ ਅਤੇ ਪੰਥਕ ਸੰਗਤ ਲਈ 2018 ਦੇ ਛਾਪੇ ਜਿੰਨੇ ਨਿਰਣਾਇਕ ਸਨ, ਉਹਨਾਂ ਨੇ ਸਿੱਖ ਸਰਗਰਮੀ ਪ੍ਰਤੀ ਯੂਕੇ ਸਰਕਾਰ ਦੀ ਪਹੁੰਚ ਵਿੱਚ ਵਾਧਾ ਕੀਤਾ।

2018 ਦੇ ਛਾਪਿਆਂ ਤੋਂ ਬਾਅਦ, ਯੂਕੇ ਸਰਕਾਰ ਨੇ ਦਸੰਬਰ 2020 ਵਿੱਚ ਤਿੰਨ ਸਿੰਘਾਂ (ਵੈਸਟ ਮਿਡਲੈਂਡਜ਼ 3) ਨੂੰ ਗ੍ਰਿਫਤਾਰ ਕੀਤਾ ਅਤੇ ਹਵਾਲਗੀ ਕਰਨ ਦੀ ਕੋਸ਼ਿਸ਼ ਕੀਤੀ। ਤਿੰਨਾਂ ਵਿੱਚੋਂ ਦੋ ਉੱਤੇ ਪਹਿਲਾਂ 2018 ਵਿੱਚ ਛਾਪੇ ਮਾਰੇ ਗਏ ਸਨ। ਇਸ ਉੱਚ-ਪ੍ਰੋਫਾਈਲ ਪਰ ਅੰਤ ਵਿੱਚ ਅਸਫਲ ਹਵਾਲਗੀ ਨੂੰ ਸਤੰਬਰ ਵਿੱਚ ਭਾਰਤੀ ਮੀਡੀਆ ਦੁਆਰਾ ਦਰਸਾਇਆ ਗਿਆ ਸੀ। 2018. ਵੈਸਟ ਮਿਡਲੈਂਡਜ਼ 3 ਦੇ ਵਕੀਲ ਨੇ ਵੈਸਟਮਿੰਸਟਰ ਮੈਜਿਸਟ੍ਰੇਟ ਦੀ ਅਦਾਲਤ ਦੇ ਬਾਹਰ ਇੱਕ ਬਿਆਨ ਦਿੱਤਾ, ਜਗਤਾਰ ਸਿੰਘ ਦੀ ਮਨਮਾਨੀ ਨਜ਼ਰਬੰਦੀ, ਭਾਰਤ ਵਿੱਚ ਉਸੇ ਹੀ ਬਦਨਾਮ ਸਬੂਤ ਦੇ ਪਿਛਲੇ ਮੁਕੱਦਮੇ ਜਿਸ ਦੇ ਨਤੀਜੇ ਵਜੋਂ ਬਰੀ ਹੋ ਗਏ ਸਨ, ਨੂੰ ਜੋੜਦੇ ਹੋਏ ਇੱਕ ਬਿਆਨ ਦਿੱਤਾ।

ਯੂਕੇ ਸਰਕਾਰ ਭਾਰਤੀ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਤਿੰਨ ਸਿੰਘਾਂ ਨੂੰ ਬਿਨਾਂ ਕਿਸੇ ਆਧਾਰ ਦੇ ਕਾਨੂੰਨੀ ਕੇਸ ਵਿਚ ਗ੍ਰਿਫਤਾਰ ਕਰਨ ਅਤੇ ਹਵਾਲਗੀ ਕਰਨ ਲਈ ਤਿਆਰ ਸੀ, ਪਰ ਉਹਨਾਂ ਨੂੰ ਛੱਡ ਦਿੱਤਾ ਗਿਆ। ਇਹ ਨੋਟ ਕਰਨਾ ਮਹੱਤਵਪੂਰਨ ਹੈ ਕਿ ਜੇਕਰ ਸੰਗਤ ਨੇ £250,000 ਜ਼ਮਾਨਤ ਦੀ ਰਕਮ ਨਾ ਇਕੱਠੀ ਕੀਤੀ ਹੁੰਦੀ, ਤਾਂ ਤਿੰਨਾਂ ਸਿੰਘਾਂ ਨੇ ਇੱਕ ਸਾਲ ਜੇਲ੍ਹ ਵਿੱਚ ਬਿਤਾਉਣਾ ਸੀ – ਪਰਿਵਾਰਕ ਵਿਛੋੜੇ ਅਤੇ ਉਹਨਾਂ ਦੇ ਜੀਵਨ ਵਿੱਚ ਮਹੱਤਵਪੂਰਨ ਸਾਲ ਬਰਬਾਦ ਹੋਣੇ ਸਨ । ਯੂਕੇ ਸਰਕਾਰ ਜੋ ਕਰਨਾ ਚਾਹੁੰਦੀ ਸੀ ਸੰਗਤਾਂ ਉਸ ਨੂੰ ਸਮਝ ਗਈਆਂ ਸਨ ਇਸ ਲਈ ਸੰਗਤਾਂ ਦੇ ਅੱਗੇ ਆਉਣ ਇਹ ਸਾਰੀ ਘਟਨਾ ਅੰਜਾਮ ਦੇਣਾ ਅਸੰਭਵ ਨਾ ਹੋਇਆ।

ਬਰਤਾਨੀਆ ਦੀ ਸਰਕਾਰ ਦੀਪਾ ਸਿੰਘ ਅਤੇ SYUK ਦੀ ਜਥੇਬੰਦਕ ਸਮਰੱਥਾ ਹਵਾਲਗੀ ਦੇ ਵਿਰੁੱਧ ਪਿੱਛੇ ਧੱਕਣ ਦੇ ਕੇਂਦਰ ਵਿੱਚ ਸੀ, ਯੂਕੇ ਅਤੇ ਭਾਰਤ ਸਰਕਾਰ ਦਰਮਿਆਨ ਅੰਤਰੀਵ ਮਿਲੀਭੁਗਤ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕਰਦੀ ਲੱਗ ਰਹੀ ਹੈ ਜੋ ਅਜਿਹੀ ਨਿਰਪੱਖ ਸਿੱਖ ਵਿਰੋਧੀ ਗਤੀਵਿਧੀ ਨੂੰ ਸਮਰੱਥ, ਸਹੂਲਤ ਅਤੇ ਜਾਇਜ਼ ਬਣਾਉਂਦੀ ਹੈ। ਯੂ.ਕੇ. ਦੀ ਅਤੇ ਭਾਰਤੀ ਰਾਜ ਦੀ ਮਿਲੀਭੁਗਤ ਲੰਬੇ ਸਮੇਂ ਤੋਂ ਚੱਲੀ ਆ ਰਹੀ , ਦਸਤਾਵੇਜ਼ੀ, ਅਤੇ ਡੂੰਘਾਈ ਨਾਲ ਵਿਗੜ ਜਾ ਰਹੀ ਹੈ ਅਤੇ ਇਹ ਸਮਝਣ ਲਈ ਕਿ SYUK ਦਾ ਮੁਕੱਦਮਾ ਅਸਲ ਵਿੱਚ ਕੀ ਹੈ – ਅੱਤਵਾਦ ਵਿਰੋਧੀ ਏਜੰਡੇ ਨੂੰ ਅੱਗੇ ਵਧਾਉਣ – ਨੂੰ ਵਿਗਾੜਨ ਅਤੇ ਯੂਕੇ ਵਿੱਚ ਸਿੱਖ ਸਰਗਰਮੀ ਨੂੰ ਬਦਨਾਮ ਕਰਨ ਵਾਲ਼ੇ ਹੱਥ ਕੰਡੇ ..

80 ਦੇ ਦਹਾਕੇ ਦੇ ਅਖੀਰ ਵਿਚ, ਪੰਜਾਬ ਵਿਚ ਸਿੱਖ ਖਾੜਕੂਵਾਦ ਦੇ ਸਿਖਰ 'ਤੇ, ਚੀਫ ਕਾਂਸਟੇਬਲ ਜੈਫਰੀ ਡੀਅਰ (ਹੁਣ ਲਾਰਡ ਡੀਅਰ) ਦੀ ਅਗਵਾਈ ਵਿਚ ਵੈਸਟ ਮਿਡਲੈਂਡਜ਼ ਪੁਲਿਸ ਦੀ ਇਕ ਟੀਮ ਨੇ "ਸਿੱਖ ਅੱਤਵਾਦੀਆਂ ਅਤੇ ਉਨ੍ਹਾਂ ਦੇ ਸਮਰਥਕਾਂ ਬਾਰੇ ਸੁਰੱਖਿਆ ਬਲਾਂ ਨਾਲ ਜਾਣਕਾਰੀ ਦਾ ਆਦਾਨ-ਪ੍ਰਦਾਨ ਕਰਨ ਲਈ ਪੰਜਾਬ ਦਾ ਦੌਰਾ ਕੀਤਾ ਸੀ।" ਇਹ ਦੌਰਾ "ਰਾਜ ਸਰਕਾਰ ਦੇ ਸੱਦੇ 'ਤੇ ਫੋਰਸ ਵੱਲੋਂ ਸਿੱਖ ਕੱਟੜਪੰਥੀਆਂ ਬਾਰੇ ਚਿੰਤਾ ਜ਼ਾਹਰ ਕਰਨ ਤੋਂ ਬਾਅਦ ਕੀਤਾ ਗਿਆ ਸੀ, ਜਿਨ੍ਹਾਂ ਦੀਆਂ ਗਤੀਵਿਧੀਆਂ ਬਰਤਾਨੀਆ ਵਿੱਚ ਫਿਰੌਤੀ ਅਤੇ ਹੋਰ ਅਪਰਾਧਾਂ ਵਿੱਚ ਫੈਲ ਗਈਆਂ ਸਨ।"

ਉਸ ਸਮੇਂ ਜਦੋਂ ਭਾਰਤ ਨੇ ਅੱਤਵਾਦ ਵਿਰੋਧੀ ਰਣਨੀਤੀ ਵਜੋਂ ਨਸਲਕੁਸ਼ੀ ਦੀ ਸ਼ੁਰੂਆਤ ਕੀਤੀ ਤਾਂ, ਬ੍ਰਿਟਿਸ਼ ਸਰਕਾਰ ਨੇ ਸਰਗਰਮੀ ਨਾਲ ਹਥਿਆਰ ਵੇਚੇ, ਸੂਚਨਾਵਾਂ ਦਾ ਆਦਾਨ-ਪ੍ਰਦਾਨ ਕੀਤਾ, ਖੁਫੀਆ ਜਾਣਕਾਰੀ ਸਾਂਝੀ ਕੀਤੀ ਅਤੇ ਕਾਰਵਾਈ ਕੀਤੀ, ਅਤੇ ਭਾਰਤ ਨੂੰ ਫੌਜੀ ਸਹਾਇਤਾ ਦੀ ਪੇਸ਼ਕਸ਼ ਕੀਤੀ। ਜਗਤਾਰ ਸਿੰਘ ਦੀ ਗ੍ਰਿਫਤਾਰੀ, ਛਾਪੇਮਾਰੀ ਅਤੇ ਹਵਾਲਗੀ ਨੇ ਇਸ ਹਕੀਕਤ ਨੂੰ ਮੁੜ ਦੁਹਰਾਇਆ ਲਗਦਾ ਹੈ। SYUK ਯੂਕੇ ਅਤੇ ਭਾਰਤ ਵਿਚਕਾਰ ਮਿਲੀਭੁਗਤ ਨੂੰ ਉਜਾਗਰ ਕਰਨ ਲਈ ਇੰਨਾ ਪ੍ਰਭਾਵਸ਼ਾਲੀ ਸੀ ਕਿ ਫਰਵਰੀ 2023 ਦੀ ਪ੍ਰਵੈਂਟ ਦੀ ਸਰਕਾਰੀ ਸਮੀਖਿਆ ਨੇ ਇਸ ਨੂੰ ਸਿੱਧੇ ਤੌਰ 'ਤੇ ਸੰਬੋਧਿਤ ਕੀਤਾ ਅਤੇ ਮਿਲੀਭੁਗਤ ਨੂੰ "ਖਾਲਿਸਤਾਨ ਪੱਖੀ ਕੱਟੜਪੰਥੀਆਂ" ਦੁਆਰਾ ਫੈਲਾਇਆ ਗਿਆ "ਝੂਠਾ ਬਿਰਤਾਂਤ" ਕਿਹਾ।

ਜਦੋਂ ਤੁਸੀਂ SYUK ਦੇ ਖਿਲਾਫ ਦੋਸ਼ ਪੱਤਰ ਪੜ੍ਹਦੇ ਹੋ ਤਾਂ ਦੋ ਗੱਲਾਂ ਸਪੱਸ਼ਟ ਹੋ ਜਾਂਦੀਆਂ ਹਨ: 1) CPS SYUK ਦੇ ਖਿਲਾਫ ਕੇਸ ਨੂੰ ਜਗਤਾਰ ਸਿੰਘ ਨਾਲ ਜੋੜਿਆ ਗਿਆ ਸਮਝਦਾ ਹੈ, ਅਤੇ 2) ਯੂਕੇ ਸਰਕਾਰ ਨੇ ਮੁਕੱਦਮਾ ਚਲਾਉਣ ਲਈ ਕਈ ਕੋਣਾਂ ਦੀ ਪੈਰਵੀ ਕਰਨ ਬਾਰੇ ਸੋਚਿਆ ਹੈ। ਜਗਤਾਰ ਸਿੰਘ ਨਾਲ ਸਬੰਧ SYUK ਨੂੰ ਉਨ੍ਹਾਂ ਦੀ ਵਕਾਲਤ ਲਈ ਸਜ਼ਾ ਦੇਣ ਦੀ ਸਧਾਰਨ ਇੱਛਾ ਤੋਂ ਪਰੇ ਹੈ। ਭਾਰਤ ਸਰਕਾਰ ਵੱਲੋਂ ਛਾਪੇਮਾਰੀ ਅਤੇ ਮੀਡੀਆ ਦੇ ਬਿਆਨਾਂ ਤੋਂ ਇਹ ਸਪੱਸ਼ਟ ਹੈ ਕਿ ਯੂਕੇ ਵਿੱਚ ਸਿੰਘਾਂ ਨੂੰ ਸਹਿ-ਦੋਸ਼ੀ ਵਜੋਂ ਦੇਖਿਆ ਜਾਂਦਾ ਹੈ। ਇਹ ਕੜੀ ਇਸ ਤੱਥ ਤੋਂ ਹੋਰ ਵੀ ਸਪੱਸ਼ਟ ਹੋ ਜਾਂਦੀ ਹੈ ਕਿ ਜਗਤਾਰ ਸਿੰਘ ਨੂੰ ਦੀਪਾ ਸਿੰਘ ਸਮੇਤ ਯੂ.ਕੇ. ਵਿੱਚ ਸਿੰਘਾਂ ਦੀਆਂ ਤਸਵੀਰਾਂ ਦਿਖਾਈਆਂ ਗਈਆਂ ਸਨ, ਜਿਸ ਦਾ ਖੁਲਾਸਾ ਜਗਤਾਰ ਸਿੰਘ ਨੇ ਆਪਣੀ ਕਾਨੂੰਨੀ ਟੀਮ ਨੂੰ ਕੀਤਾ ਸੀ।

ਇਹ ਸਭ ਜਾਣਿਆ ਜਾਂਦਾ ਹੈ ਕਿ SYUK ਇੱਕ ਪ੍ਰਮੁੱਖ ਖਾਲਿਸਤਾਨ ਸਮਰਥਕ ਸੰਗਠਨ ਹੈ। SYUK ਦੁਆਰਾ ਤਿਆਰ ਕੀਤੇ ਗਏ ਬਹੁਤ ਸਾਰੇ ਸਮਾਗਮਾਂ, ਪ੍ਰੋਗਰਾਮਾਂ, ਅਤੇ ਸਾਹਿਤ ਵਿੱਚ ਸ਼ਹੀਦਾਂ ਅਤੇ ਖਾਲਿਸਤਾਨ 'ਤੇ ਇੱਕ ਅਪ੍ਰਮਾਣਿਕ ? ?ਰੁਖ ਨੂੰ ਦਰਸਾਇਆ ਗਿਆ ਹੈ। ਇਸ ਤੋਂ ਇਲਾਵਾ, SYUK ਯੂਕੇ ਸਿੱਖ ਡਾਇਸਪੋਰਾ ਦੇ ਅੰਦਰ ਮੁੱਖ ਮੁੱਦਿਆਂ ਨੂੰ ਸੰਗਠਿਤ ਕਰਦਾ ਹੈ, ਜਿਸ ਵਿੱਚ ਸ਼ਿੰਗਾਰ ਦੇ ਕੇਸ ਅਤੇ ਅੰਤਰ-ਧਰਮ ਆਨੰਦ ਕਾਰਜ ਸ਼ਾਮਲ ਹਨ।

ਜੇਕਰ ਅਸੀਂ SYUK ਗਤੀਵਿਧੀਆਂ ਦੀ ਪ੍ਰਕਿਰਤੀ ਦੇ ਨਾਲ, ਅੱਤਵਾਦ ਵਿਰੋਧੀ ਏਜੰਡੇ ਦੇ ਉਪਰੋਕਤ ਸੰਦਰਭ ਨੂੰ ਲੈਂਦੇ ਹਾਂ ਅਤੇ ਅਪ੍ਰੈਲ 2023 ਦੇ "ਬਲੂਮ ਰਿਵਿਊ" ਨੂੰ "ਵਿਸ਼ਵਾਸ ਦੀ ਸ਼ਮੂਲੀਅਤ" ਵਿੱਚ ਵੇਖਦੇ ਹਾਂ, ਤਾਂ ਤਸਵੀਰ ਹੋਰ ਵੀ ਭਿਆਨਕ ਬਣ ਜਾਂਦੀ ਹੈ। ਬਲੂਮ ਰਿਵਿਊ ਸਿੱਖ ਭਾਈਚਾਰੇ ਨੂੰ ਪ੍ਰੋਫਾਈਲ ਕਰਨ ਅਤੇ ਸਿੱਖ ਸਰਗਰਮੀ, ਖਾਲਿਸਤਾਨ ਅਤੇ ਗੁਰਦੁਆਰਿਆਂ ਨੂੰ ਨਿਸ਼ਾਨਾ ਬਣਾਉਣ ਲਈ ਅੱਤਵਾਦ ਵਿਰੋਧੀ ਕਾਨੂੰਨਾਂ ਦੀ ਵਰਤੋਂ ਕਰਨ ਲਈ ਇੱਕ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕਰਦਾ ਹੈ। ਬਲੂਮ ਰਿਵਿਊ ਸਿੱਖੀ ਪ੍ਰਚਾਰ, ਖਾਲਿਸਤਾਨ, ਸਿੱਖੀ ਕੈਂਪਾਂ, ਮਰਿਆਦਾ, ਅਤੇ ਸਿੱਖ ਸੰਸਥਾਵਾਂ ਅਤੇ ਗੁਰਦੁਆਰਿਆਂ ਨੂੰ ਸਮੱਸਿਆ ਪੈਦਾ ਕਰਦਾ ਹੈ ਜੋ "ਅਤਿਵਾਦ/ਸੰਪਰਦਾਇਕਤਾ" ਦੀ ਆੜ ਹੇਠ ਜ਼ਮੀਨੀ ਪੱਧਰ ਦੇ ਯਤਨਾਂ ਦਾ ਸਮਰਥਨ ਕਰਦੇ ਹਨ। ਬਲੂਮ ਰਿਵਿਊ ਵਿੱਚ ਜ਼ਿਕਰ ਕੀਤੀ ਗਈ ਜ਼ਿਆਦਾਤਰ ਸਰਗਰਮੀ ਨੂੰ ਸਿੱਧੇ SYUK ਨਾਲ ਜੋੜਿਆ ਜਾ ਸਕਦਾ ਹੈ। ਉਸ ਸਮੇਂ, SYUK ਨੇ ਇਸ ਵਿਆਪਕ ਏਜੰਡੇ ਵੱਲ ਧਿਆਨ ਖਿੱਚਣ ਲਈ ਕੰਮ ਕਰਨੇ ਸ਼ੁਰੂ ਕੀਤੇ।

2017 ਤੋਂ ਲੈ ਕੇ ਅਤੇ ਮੌਜੂਦਾ ਸਮੇਂ ਵਿੱਚ, ਯੂਕੇ ਸਰਕਾਰ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਵਿੱਚ ਵਧੇਰੇ ਹਮਲਾਵਰ ਹੋ ਗਈ ਹੈ। ਹਾਲ ਹੀ ਦੇ ਮਹੀਨਿਆਂ ਵਿੱਚ, ਸ਼ਿਡਊਲ 7, ਅੱਤਵਾਦ ਐਕਟ 2000 ਦੇ ਤਹਿਤ ਇੱਕ ਵਿਵਸਥਾ, ਕਈ ਸਿੱਖ ਕਾਰਕੁਨਾਂ ਨੂੰ ਰੋਕਣ ਲਈ ਵਰਤਿਆ ਗਿਆ ਹੈ। SYUK ਅਤੇ ਦੀਪਾ ਸਿੰਘ ਨਾਲ ਜੁੜੇ ਸਿੱਖਾਂ ਨੂੰ ਇਸ ਵਿਵਸਥਾ ਤਹਿਤ ਰੋਕਿਆ ਗਿਆ ਲੱਗ ਰਿਹਾਂ ਹੈ।

ਦੀਪਾ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਆਖਿਆ ਕੇ SYUK ਆਪਣੇ ਮੁਕੱਦਮੇ ਦੇ ਕਾਨੂੰਨੀ ਪਹਿਲੂਆਂ ਬਾਰੇ ਆਪਣਾ ਸਪੱਸ਼ਟੀਕਰਨ ਉਦੋਂ ਜਾਰੀ ਕਰੇਗਾ ਜਦੋਂ ਕਾਰਵਾਈ ਕਿਸੇ ਸਿੱਟੇ 'ਤੇ ਪਹੁੰਚੇਗੀ, ਪਰ ਇਸ ਦੌਰਾਨ, ਸੰਗਤ ਨੂੰ ਉਸ ਮਾਹੌਲ ਨੂੰ ਸਮਝਣਾ ਚਾਹੀਦਾ ਹੈ ਜਿਸ ਵਿੱਚ ਮੁਕੱਦਮਾ ਹੋਇਆ ਸੀ। ਇਹ ਚੈਰਿਟੀ ਕਮਿਸ਼ਨ ਦੇ ਨਿਯਮਾਂ ਬਾਰੇ ਕਦੇ ਨਹੀਂ ਸੀ; ਇਸਦੀ ਬਜਾਏ, ਚੈਰਿਟੀ ਕਮਿਸ਼ਨ ਦੇ ਨਿਯਮਾਂ ਨੂੰ ਇੱਕ ਗੈਰ-ਚੈਰਿਟੀ ਸੰਸਥਾ 'ਤੇ ਇੱਕ ਵਿਸ਼ਵਾਸ ਦਾ ਪਿੱਛਾ ਕਰਨ ਲਈ ਪਿਛਾਖੜੀ ਤੌਰ 'ਤੇ ਲਾਗੂ ਕੀਤਾ ਗਿਆ ਸੀ ਕਿ ਨਹੀਂ ਤਾਂ ਇਹ ਮੌਜੂਦ ਨਹੀਂ ਹੋਵੇਗਾ।

ਦੀਪਾ ਸਿੰਘ ਨੇ ਆਪਣੀ ਗੱਲਬਾਤ ਵਿੱਚ ਅੱਗੇ ਆਖਿਆ ਕਿ ਆਉਣ ਵਾਲੇ ਭਵਿੱਖ ਵਿੱਚ, ਅਸੀਂ ਅੱਤਵਾਦ ਵਿਰੋਧੀ ਏਜੰਡੇ ਨੂੰ ਅੱਗੇ ਵਧਾਉਣ ਲਈ ਚੈਰਿਟੀ ਕਮਿਸ਼ਨ ਅਤੇ ਅਪਰਾਧਿਕ ਕਾਨੂੰਨ ਦੁਆਰਾ ਚਲਾਏ ਗਏ ਹੋਰ ਜਾਂਚਾਂ ਅਤੇ ਮੁਕੱਦਮਿਆਂ ਨੂੰ ਦੇਖਾਂਗੇ। ਵਰਤਮਾਨ ਵਿੱਚ, ਗੁਰਦੁਆਰੇ ਅਤੇ ਸਿੱਖ ਸੰਸਥਾਵਾਂ ਪਹਿਲਾਂ ਹੀ ਆਪਣੇ ਪ੍ਰਚਾਰ ਭਾਵ ਖਾਲਿਸਤਾਨ ਦੇ ਸ਼ਹੀਦਾਂ ਦੀ "ਵਡਿਆਈ" ਵਿੱਚ ਯੂਕੇ ਦੇ ਕਾਨੂੰਨ ਅਤੇ ਚੈਰਿਟੀ ਨਿਯਮਾਂ ਦੀ ਉਲੰਘਣਾ ਕਰ ਰਹੀਆਂ ਹਨ। ਸਿੱਖ ਸ਼ਹੀਦਾਂ ਅਤੇ ਕਾਰਕੂ ਜਥੇਦਾਰੀਆ ਨੂੰ ਅੱਤਵਾਦੀ ਅਤੇ ਅੱਤਵਾਦੀ ਸੰਗਠਨ ਮੰਨਿਆ ਜਾਂਦਾ ਹੈ, ਜੋ ਉਹਨਾਂ ਸਾਰੀਆਂ ਸੰਸਥਾਵਾਂ ਅਤੇ ਗੁਰਦੁਆਰਿਆਂ ਨੂੰ ਰੱਖਦਾ ਹੈ ਜੋ ਸ਼ਹੀਦਾਂ ਦੀਆਂ ਫੋਟੋਆਂ ਨੂੰ ਮਾਣ ਨਾਲ ਪ੍ਰਦਰਸ਼ਿਤ ਕਰਦੇ ਹਨ ਜਾਂ ਰਾਜ ਦੇ ਜਬਰ ਅਤੇ ਅਪਰਾਧੀਕਰਨ ਦੇ ਜੋਖਮ ਵਿੱਚ ਖਾਲਿਸਤਾਨ ਬਾਰੇ ਭਾਸ਼ਣ ਦਿੰਦੇ ਹਨ।

ਦੀਪਾ ਸਿੰਘ ਨੇ ਜ਼ੋਰ ਦੇ ਕੇ ਆਖਿਆ ਕੇ ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਸਿੱਖਾਂ ਲਈ ਕਿਸੇ ਵੀ ਮੱਤਭੇਦ ਨੂੰ ਪਾਸੇ ਰੱਖ ਕੇ ਸਿੱਖ ਯੂਥ ਯੂ.ਕੇ ਦਾ ਸਮਰਥਨ ਕਰਨਾ ਹੀ ਸਿਆਣਪ ਹੋਵੇਗਾ। ਇਹ ਮੁਕੱਦਮਾ ਇੱਕ ਟੈਸਟ ਕੇਸ ਹੈ, ਪੰਥਕ ਮੁੱਦਾ ਹੈ, ਅਤੇ ਹਰ ਉਸ ਵਿਅਕਤੀ ਲਈ ਜਾਗਣ ਦਾ ਸੱਦਾ ਹੈ ਜੋ ਪ੍ਰਵਾਸੀਆਂ ਅਤੇ ਇਸ ਤੋਂ ਬਾਹਰ ਖਾਲਿਸਤਾਨ ਅਤੇ ਸਿੱਖ ਪ੍ਰਚਾਰ ਬਾਰੇ ਸਟੈਂਡ ਲੈਣਾ ਚਾਹੁੰਦਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇੰਡੀਅਨ ਐਥਲੈਟਿਕਸ ਚੈਂਪੀਅਨਸ਼ਿਪ ਅੰਡਰ-23 ਵਿੱਚ

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐਥਲੀਟਾਂ ਦੀ ਬੱਲੇ-ਬੱਲੇ








**ਤਲਵੰਡੀ ਸਾਬੋ, 08 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੀਆਂ ਖਿਡਾਰਨਾਂ ਸੋਨੀਆ ਯਾਦਵ ਤੇ ਜੋਤੀ ਨੇ ਪਟਨਾ ਬਿਹਾਰ ਵਿਖੇ ਸਮਾਪਤ ਹੋਈ ਇੰਡੀਅਨ ਐਥਲੈਟਿਕਸ ਚੈਂਪੀਅਨਸ਼ਿਪ ਅੰਡਰ-23 ਵਿੱਚ ਸੋਨ ਤਗਮੇ ਜਿੱਤ ਕੇ ਇਲਾਕੇ ਅਤੇ ਯੂਨੀਵਰਸਿਟੀ ਦਾ ਨਾਂ ਰੋਸ਼ਨ ਕੀਤਾ। ਚੈਂਪੀਅਨਸ਼ਿਪ ਦੇ ਡਿਸਕਸ ਥ੍ਰੋ ਮੁਕਾਬਲੇ ਵਿੱਚ ਸੋਨੀਆ ਯਾਦਵ ਨੇ 50:59 ਮੀਟਰ ਦੂਰ ਡਿਸਕਸ ਸੁੱਟੇ ਤੇ ਜੋਤੀ ਨੇ ਜੈਵਲੀਨ ਥ੍ਰੋ ਵਿੱਚ ਆਪਣਾ ਪੁਰਾਣਾ ਰਿਕਾਰਡ 52:77 ਤੋੜ ਕੇ 58:49 ਮੀਟਰ ਜੈਵਲੀਨ ਸੁੱਟ ਕੇ ਨਵਾਂ ਨੈਸ਼ਨਲ ਰਿਕਾਰਡ ਸਥਾਪਿਤ ਕੀਤਾ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ.ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਨੇ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਿਸਟੀ ਦੇ ਖਿਡਾਰੀ ਵੱਖ-ਵੱਖ ਖੇਡਾਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾ ਰਹੇ ਹਨ ਜਿਸ ਦਾ ਸਿਹਰਾ ਡਾ.ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਅਤੇ ਕੋਚ ਨਰਿੰਦਰ ਗਿੱਲ ਦੇ ਸਿਰ ਬੱਝਦਾ ਹੈ। ਉਨ੍ਹਾਂ ਕਿਹਾ ਕਿ ਇਹ ਸਭ ਡਾ. ਬਲਵਿੰਦਰ ਕੁਮਾਰ ਸ਼ਰਮਾ ਦੀ ਰਹਿ-ਨੁਮਾਈ ਹੇਠ ਸਖ਼ਤ ਮਿਹਨਤ, ਨਿਰੰਤਰ ਅਭਿਆਸ, ਵਧੀਆ ਕੋਚਿੰਗ ਅਤੇ 'ਵਰਸਿਟੀ ਪ੍ਰਬੰਧਕਾਂ ਵੱਲੋਂ ਉਪਲਬਧ ਕਰਵਾਈਆਂ ਜਾ ਰਹੀਆਂ ਖੇਡ ਸਹੂਲਤਾਂ ਦਾ ਨਤੀਜਾ ਹੈ। ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਡਾ.ਸ਼ਰਮਾ ਨੇ ਦੱਸਿਆ ਕਿ ਵਰਸਿਟੀ ਦੇ ਖਿਡਾਰੀ ਨਰਪਿੰਦਰ ਸਿੰਘ ਨੇ 15.60 ਮੀਟਰ ਦੇ ਟ੍ਰਿਪਲ ਜੰਪ ਨਾਲ ਸੋਨ ਤੇ 100 ਮੀਟਰ ਹਰਡਲ ਦੌੜ ਵਿੱਚ ਖਿਡਾਰਨ ਮੁਸਕਾਨ ਰਾਣਾ ਨੇ 14:34 ਸੈਕਿੰਡ ਦੇ ਸਮੇਂ ਨਾਲ ਕਾਂਸੇ ਦੇ ਤਗਮੇ ਤੇ ਕਬਜਾ ਕੀਤਾ। ਉਨ੍ਹਾਂ ਕਿਹਾ ਕਿ 'ਵਰਸਿਟੀ ਦੇ ਖਿਡਾਰੀਆਂ ਦੀ ਮਿਹਨਤ ਸਦਕਾ ਹੋ ਰਹੀਆਂ ਪ੍ਰਾਪਤੀਆਂ ਨੂੰ ਵੇਖ ਕੇ ਲਗਦਾ ਹੈ ਕਿ ਭਵਿੱਖ ਵਿੱਚ ਇਹ ਖਿਡਾਰੀ ਅੰਤਰ-ਰਾਸ਼ਟਰੀ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਊਰਜਾ ਰਾਸ਼ਟਰ ਨਿਰਮਾਣ ਅਤੇ ਖੇਡਾਂ ਦੇ ਮੈਦਾਨ ਵਿੱਚ ਪ੍ਰਾਪਤੀਆਂ ਕਰਕੇ ਸਿਰਜਣਾਤਮਕ ਕੰਮਾਂ ਵਿੱਚ ਹਿੱਸਾ ਲੈਣ ਦੀ ਪ੍ਰੇਰਣਾ ਦਿੱਤੀ ਤੇ ਜੇਤੂ ਖਿਡਾਰੀਆਂ ਨੂੰ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ।

**ਸੋਨੀਆ ਯਾਦਵ, ਜੋਤੀ ਤੇ ਨਰਪਿੰਦਰ ਸਿੰਘ ਨੇ ਜਿੱਤੇ ਸੋਨ ਤਗਮੇ**

### ਬਿੱਲਾ ਸਾਹੀਵਾਲ ਜਰਨਲ ਸਰਪੰਚੀ ਲਈ ਚੋਣ ਮੈਦਾਨ ਵਿੱਚ ਨਿਤਰੇ

# ਪਿੰਡ ਦੀ ਨੁਹਾਰ ਬਦਲਣ ਲਈ ਦਿਨ ਰਾਤ ਕਰਾਂਗੇ ਕੰਮ: ਬਿੱਲਾ ਸਾਹੀਵਾਲ



**ਭਾਦਸੋਂ ( ਰਣਜੀਤ ਸਿੰਘ ਪੇਧਨੀ)**-ਪਿੰਡ ਸਾਹੀਵਾਲ ਦੀ ਸਰਪੰਚ ਦੀ ਚੋਣ ਲਈ ਜਰਨਲ ਸੀਟ ਤੋਂ ਪੜੇ ਲਿਖੇ ਅਤੇ ਸਰਬ ਸਾਂਝੇ ਉਮੀਦਵਾਰ ਬਿੱਲਾ ਸਾਹੀਵਾਲ ਨੇ ਸਰਪੰਚੀ ਦੀ ਚੋਣ ਲੜਨ ਦਾ ਐਲਾਨ ਕੀਤਾ ਹੈ। ਉਨਾਂ ਆਪਣੇ ਕਾਗਜ਼ ਦਾਖਲ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿੰਡ ਦੇ ਸੂਝਵਾਨ ਵੋਟਰਾਂ ਦੇ ਸਹਿਯੋਗ ਨਾਲ ਉਹ ਪਿੰਡ ਦੀ ਕਾਇਆ ਕਲਪ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਕਿਉਂਕਿ ਅਜੇ ਵੀ ਨਗਰ ਅੰਦਰ ਬਹੁਤ ਸਾਰੇ ਕਾਰਜਾਂ ਨੂੰ ਨੇਪਰੇ ਚਾੜਨ ਦੀ ਜਰੂਰਤ ਹੈ। ਉਹਨਾਂ ਕਿਹਾ ਕਿ ਪਿੰਡ ਵਿੱਚ ਸ਼ਾਨਦਾਰ ਪਾਰਕ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ, ਲੋੜਵੰਦ ਪਰਿਵਾਰਾਂ ਨੂੰ ਸਰਕਾਰ ਦੀਆਂ ਬਿਨਾਂ ਕਿਸੇ ਪੱਖਪਾਤ ਤੋਂ ਵਿਸ਼ੇਸ਼ ਸਹੂਲਤਾਂ ਦੇਣਾ, ਖੇਡਾਂ ਅਤੇ ਵਿਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਮਾਨ ਸਨਮਾਨ ਤੋਂ ਇਲਾਵਾ ਰਹਿੰਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜਨਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਉਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਉਹ ਖੁਦ ਅਤੇ ਉਨਾਂ ਦੇ ਸਪੋਰਟਰ ਲਗਾਤਾਰ ਵੱਖ ਵੱਖ ਵਾਰਡਾਂ ਅੰਦਰ ਵੋਟਰਾਂ ਤੱਕ ਪਹੁੰਚ ਕਰ ਰਹੇ ਹਨ।

### ਭਸੌੜ ਤੋਂ ਸਰਪੰਚੀ ਦੀ ਚੋਣ ਲੜ ਰਹੇ

# ਸਪਿੰਦਰ ਕੌਰ ਨੇ ਆਪਣੀ ਚੋਣ ਮੁਹਿੰਮ ਨੂੰ ਕੀਤਾ ਤੇਜ



ਧੂਰੀ ਰਣਜੀਤ ਸਿੰਘ ਪੇਧਨੀ ) ਨੇੜਲੇ ਪਿੰਡ ਭਸੌੜ ਤੋਂ ਸਰਪੰਚੀ ਦੀ ਚੋਣ ਲੜ ਰਹੇ ਪੜ੍ਹੇ ਲਿਖੇ ਸਰਬ ਸਾਂਝੇ ਅਤੇ ਲੋੜਵੰਦਾਂ ਦੇ ਹਮਦਰਦ ਉਮੀਦਵਾਰ ਸਪਿੰਦਰ ਕੌਰ ਨੇ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ। ਉਨਾਂ ਨੇ ਪਿੰਡ ਦੇ ਵੱਖ-ਵੱਖ ਵਾਰਡਾਂ ਦੁਕਾਨਦਾਰਾਂ ਤੋਂ ਅਸ਼ੀਰਵਾਦ ਲੈਂਦਿਆਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਸਿਰੇ ਚਾੜਨਾ ਮੇਰਾ ਮੁੱਖ ਮਕਸਦ ਹੋਵੇਗਾ ਕਿਉਂਕਿ ਸਾਡਾ ਸਮੁੱਚਾ ਪਰਿਵਾਰ ਸ਼ੁਰੂ ਤੋਂ ਹੀ ਲੋੜਵੰਦ ਕਿਸਾਨਾਂ ਮਜ਼ਦੂਰਾਂ, ਜਿੱਥੇ ਦੀਆਂ ਹਮਦਰਦੀ ਅਨੇਕਾਂ ਕਰਨਾ ਵੀ ਉਹਨਾਂ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੋਕਾਂ ਨੂੰ ਦੇ ਚੁੱਕੇ ਹਨ। ਅੰਤ ਵਿੱਚ ਉਹਨਾਂ ਕਿਹਾ ਕਿ ਜੇਕਰ ਪਿੰਡ ਦੇ ਸੂਝਵਾਨ ਪੜੇ ਲਿਖੇ ਅਤੇ ਰੱਬ ਵਰਗੇ ਵੋਟਰਾਂ ਨੇ ਉਹਨਾਂ ਦਾ ਸਾਥ ਦਿੱਤਾ ਤਾਂ ਉਹ ਵਿਕਾਸ ਦੇ ਕੰਮਾਂ ਵਿੱਚ ਬਾਕੀ ਨਹੀਂ ਛੱਡਣਗੇ।

# ਸਿਹਤ ਵਿਭਾਗ ਦਾ ਜ਼ਿਲ੍ਹਾ ਪੱਧਰ ਦਾ ਦਫ਼ਤਰ ਸਿਵਲ ਸਰਜਨ, ਸੀ ਸੀ ਟੀ ਵੀ ਕੈਮਰਿਆਂ ਤੋਂ ਬਿਨਾਂ, ਵਾਪਰ ਸਕਦੀ ਹੈ ਕੋਈ ਘਟਨਾ

**ਚੌਂਕ ਮਹਿਤਾ, 8 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹਾ ਸਿਵਲ ਸਰਜਨ ਦੇ ਦਫ਼ਤਰ ਵਿੱਚ ਸਿਹਤ ਵਿਭਾਗ ਨਾਲ ਸਬੰਧਤ ਰਿਕਾਰਡ ਸਮੇਤ ਵੱਖ ਵੱਖ ਵਿਭਾਗ ਬਿਨ੍ਹਾਂ ਕੈਮਰੇ ਤੋਂ ਚੱਲ ਰਿਹਾ ਹੈ। ਜਿਸ ਨੂੰ ਲੈਕੇ ਰਿਕਾਰਡ ਫਾਇਲਾਂ ਗੁੰਮ ਹੋਣ ਜਾਂ ਉਨ੍ਹਾਂ ਦੇ ਚੋਰੀ ਹੋਣ ਦੀ ਘਟਨਾ ਵਾਪਰ ਸਕਦੀ ਹੈ। ਵਿਭਾਗ ਦੇ ਅਧਿਕਾਰੀ ਵੀ ਕਿਸੇ ਘਟਨਾ ਦੇ ਇੰਤਜਾਰ ਵਿੱਚ ਨਜ਼ਰ ਆ ਰਹੇ ਹਨ। ਇਸ ਸਬੰਧੀ ਜਦ ਪੱਤਰਕਾਰ ਵਲੋਂ ਸਰਵੇ ਕੀਤਾ ਗਿਆ ਤਾਂ ਸਿਵਲ ਸਰਜਨ ਦਫ਼ਤਰ ਵਿਖੇ ਕੈਮਰੇ ਨਾ ਹੋਣ ਕਾਰਨ ਡਿਊਟੀ 'ਤੇ ਆਉਣ ਜਾਣ ਦਾ ਵੀ ਪਤਾ ਨਹੀਂ ਚੱਲਦਾ। ਸਮੇਂ ਤੋਂ ਪਹਿਲਾਂ ਹੀ ਛੁੱਟੀ ਕਰਕੇ ਘਰਾਂ ਨੂੰ ਚਲੇ ਜਾਂਦੇ ਹਨ। ਇਸ ਸਬੰਧੀ ਜਦ ਸਿਵਲ ਸਰਜਨ ਡਾਕਟਰ ਕਿਰਨਦੀਪ ਕੌਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ, ਕੈਮਰਿਆਂ ਸੰਬੰਧੀ ਪੱਤਰ ਜਾਰੀ ਹੋ ਚੁੱਕਾ ਹੈ ਪਰ ਅਜੇ ਤੱਕ ਫੰਡ ਨਹੀਂ ਜਾਰੀ ਹੋਏ। ਉਹਨਾਂ ਕਿਹਾ ਕਿ ਜਦ ਵੀ ਫੰਡ ਜਾਰੀ ਹੋਣਗੇ ਤਾਂ ਤੁਰੰਤ ਕੈਮਰੇ ਲਗਾਏ ਜਾਣਗੇ।ਗੌਰ ਤਲਬ ਹੈ ਕਿ, ਡਾਕਟਰਾਂ, ਪੈਰਾ ਮੈਡੀਕਲ ਸਟਾਫ ਦੀ ਸੁਰੱਖਿਆ ਨੂੰ ਲੈ ਕੇ ਪਿਛਲੇ ਸਮੇਂ ਦੌਰਾਨ ਕਾਫ਼ੀ ਹੜਤਾਲਾਂ ਆਦਿ ਹੋਈਆਂ ਹਨ ਲੇਕਿਨ ਸਿਹਤ ਵਿਭਾਗ ਦਾ ਜ਼ਿਲ੍ਹਾ ਪੱਧਰ ਦਾ ਹੈਡ ਆਫਿਸ ਜਿਸ ਵਿੱਚ ਇੱਕ ਵੀ ਸੀ ਸੀ ਟੀ ਵੀ ਕੈਮਰਾ ਨਹੀਂ ਲੱਗਾ ਹੈ। ਇਸ ਤਰ੍ਹਾਂ ਤਾਂ ਇਥੇ ਕੋਈ ਅਣਪਛਾਤਾ ਵਿਅਕਤੀ ਆਵੇ ਅਤੇ ਵਾਰਦਾਤ ਕਰਕੇ ਚਲਾ ਜਾਵੇ ਇਸ ਪ੍ਰਤੀ ਕੋਈ ਕੈਮਰਾ ਨਹੀਂ ਲੱਗਾ ਹੈ। ਇਸ ਦਫ਼ਤਰ ਵਿੱਚ ਸਾਰੇ ਜ਼ਿਲੇ ਦਾ ਜਨਮ ਮੌਤ ਦਾ ਰਿਕਾਰਡ ਪਿਆ ਹੁੰਦਾ ਹੈ। ਇਸ ਦਫ਼ਤਰ ਵਿੱਚ ਸੱਤ ਐਸੇ ਪੁਆਇੰਟ ਹਨ ਜੋ ਕਿ ਬਹੁਤ ਹੀ ਸੰਵੇਦਨਸ਼ੀਲ ਹਨ। ਲੇਕਿਨ ਇਥੇ ਸੀ ਟੀ ਵੀ ਕੈਮਰਿਆਂ ਲਈ ਕੋਈ ਸਾਰਥਕ ਕਦਮ ਨਹੀਂ ਚੁੱਕਿਆ ਜਾ ਰਿਹਾ ਹੈ।




# ਉੱਘੇ ਸਮਾਜਸੇਵੀ ਤੇ ਸਾਹਿਤਕਾਰ ਸ਼ਿਵਨਾਥ ਦਰਦੀ ਨੂੰ ਮਿਲਣ ਜਾ ਰਿਹਾ ਹੈ 'ਰਾਜ ਪੁਰਸਕਾਰ'



ਫ਼ਰੀਦਕੋਟ, 8 ਅਕਤੂਬਰ () ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫ਼ਰੀਦਕੋਟ ਵਿਖੇ ਸਕਿਉਰਟੀ ਗਾਰਡ ਦੀ ਨੌਕਰੀ ਕਰਦੇ ਤੇ ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ) ਫ਼ਰੀਦਕੋਟ ਦੇ ਪ੍ਰਧਾਨ ਤੇ ਸੰਸਥਾਪਕ ਸ਼ਿਵਨਾਥ ਦਰਦੀ ਦੀਆਂ ਲਗਾਤਾਰ ਖੂਨਦਾਨ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਵੱਲੋ 10 ਅਕਤੂਬਰ ਨੂੰ ਹੋ ਰਹੇ , ਰਾਜ ਪੱਧਰੀ ਸਮਾਗਮ ਦੌਰਾਨ 'ਰਾਜ ਪੁਰਸਕਾਰ' ਨਾਲ ਸਨਮਾਨਿਤ ਕੀਤਾ ਜਾਵੇਗਾ। ਉਹ ਪਿਛਲੇ ਲੰਬੇ ਸਮੇ ਤੋ 'ਬਾਬਾ ਫ਼ਰੀਦ ਜੀ ਬਲੱਡ ਸੇਵਾ ਸੁਸਾਇਟੀ (ਰਜਿ) ਫ਼ਰੀਦਕੋਟ, ਸ੍ਰ ਜਸਵਿੰਦਰ ਸਿੰਘ ਮੈਮੋਰੀਅਲ ਸੁਸਾਇਟੀ ਫ਼ਰੀਦਕੋਟ, ਸਾਂਝ ਬਲੱਡ ਵੈਲਫੇਅਰ ਸੁਸਾਇਟੀ ਫ਼ਰੀਦਕੋਟ , ਕ੍ਰਿਸ਼ਨਾਵੰਤੀ ਸੇਵਾ ਸੁਸਾਇਟੀ (ਰਜਿ) ਫ਼ਰੀਦਕੋਟ, ਪੀ.ਬੀ.ਜੀ ਵੈਲਫੇਅਰ ਕਲੱਬ ਕੋਟਕਪੂਰਾ ਤੇ ਹੋਰ ਖੂਨਦਾਨ ਕੈਂਪਾਂ ਵਿੱਚ ਅਪਣਾ ਯੋਗਦਾਨ ਲਗਾਤਾਰ ਪਾ ਰਹੇ ਹਨ। ਇਸ ਸਮੇ ਉੱਘੇ ਸਮਾਜਸੇਵੀ ਤੇ ਸਾਹਿਤਕਾਰ ਸ਼ਿਵਨਾਥ ਦਰਦੀ ਨਾਲ ਬਾਲੀਵੁੱਡ ਜਰਨਲਿਸਟ ਪਰਮਜੀਤ ਫ਼ਰੀਦਕੋਟ, ਐਡੋਵਕੇਟ ਮਹੀਪਇੰਦਰ ਸਿੰਘ ਸੇਵਾਦਾਰ ਤੇ ਕਮੇਟੀ ਮੈਂਬਰ ਬਾਬਾ ਫ਼ਰੀਦ ਸੰਸਥਾਵਾਂ , ਸਮਾਜਸੇਵੀ ਤੇ ਸਾਹਿਤਕਾਰ ਜਸਵੰਤ ਸਿੰਘ ਕੁਲ, ਗੁਰਚਰਨ ਸਿੰਘ (ਚੰਨਾ ਸੰਧੂ) ਯੂਥ ਅਕਾਲੀ ਦਲ ,ਬਲਪ੍ਰੀਤ ਸਿੰਘ ਗਿੱਲ, ਹਰਜਿੰਦਰ ਲਾਲ, ਅਸ਼ੋਕ ਕੁਮਾਰ, ਪ੍ਰਧਾਨ ਸੁਖਵਿੰਦਰ ਸਿੰਘ ਗਿੱਲ, ਰਾਜੀਵ ਸਰਮਾਂ, ਪ੍ਰਧਾਨ ਲਾਭ ਸਿੰਘ ਬਰਾੜ ਸਕਿਉਰਟੀ ਗਾਰਡ, ਰਣਜੀਤ ਸਿੰਘ ਗੋਲੇਵਾਲਾ ,ਅਸ਼ੋਕ ਕੌਸ਼ਲ , ਪ੍ਰੇਮ ਚਾਵਲਾ ਪੰਜਾਬ ਪੈਨਸ਼ਨਰ ਆਗੂ, ਪ੍ਰਧਾਨ ਰਾਜਵੀਰ ਸਿੰਘ ਗੋਲੇਵਾਲਾ, ਸੁਖਵੀਰ ਸਿੰਘ ਰੱਤੀ ਰੋੜੀ, ਪੱਤਰਕਾਰ ਧਰਮ ਪ੍ਰਵਾਨਾ, ਲੋਕ ਗਾਇਕ ਰਾਜ ਗਿੱਲ ਭਾਣਾ, ਲੋਕ ਗਾਇਕਾ ਸਰਬਜੀਤ ਕੌਰ, ਮਨਜੀਤ ਸਿੰਘ, ਕਸ਼ਮੀਰ ਮਾਨਾ , ਜਸਵਿੰਦਰ ਜੱਸ, ਸਰਬਿੰਦਰ ਸਿੰਘ ਬੇਦੀ , ਗਿਆਨੀ ਮੁਖਤਿਆਰ ਸਿੰਘ ਵੰਗੜ, ਜਸਵੀਰ ਫੀਰਾ, ਸਿਕੰਦਰ ਚੰਦਭਾਨ, ਸੁਖਬੀਰ ਬਾਬਾ, ਪ੍ਰੀਤ ਭਗਵਾਨ, ਕੁਲਵਿੰਦਰ ਵਿਰਕ, ਅਸ਼ੀਸ਼ ਕੁਮਾਰ ਭੱਟੀ, ਬਲਕਾਰ ਸਿੰਘ ਸਹੋਤਾ, ਗੁਰਮੀਤ ਰਾਜ, ਰਣਜੀਤ ਬਿੱਟਾ, ਚਰਨਜੀਤ ਸਿੰਘ, ਨਿਰਮਲ (ਸੋਨੂੰ) ਸਹਾਇਕ ਡਾਇਰੈਕਟਰ ਪਾਲੀਵੁੱਡ, ਇੰਜ.ਬਲਵੰਤ ਗੱਖੜ, ਐਡਵੋਕੇਟ ਪ੍ਰਦੀਪ ਕੁਮਾਰ, ਸਾਬਕਾ ਪ੍ਰਿੰਸਪੀਲ ਨਵਰਾਹੀ ਘੁਗਿਆਣਵੀ, ਜਗੀਰ ਸੱਧਰ, ਪੱਤਰਕਾਰ ਵਿਜੈ ਸੈਰੀ, ਹਰਸੰਗੀਤ ਸਿੰਘ ਗਿੱਲ, ਅਦਾਕਾਰ ਤੇ ਡਾਇਰੈਕਟਰ ਰਾਜ ਧਾਲੀਵਾਲ, ਇਕਬਾਲ ਇਕਬਾਲ ਘਾਰੂ , ਪਾਲ ਸਿੰਘ ਪਾਲ ਆਦਿ ਨੇ ਖੁਸੀ ਜ਼ਾਹਿਰ ਕੀਤੀ ਤੇ ਸੁੱਭਕਾਮਨਾਵਾਂ ਦਿੱਤੀਆ।






ਵਰ੍ਹੇਗੰਢ ਮੁਬਾਰਕ

ਸੁਖਦੇਵ ਸਿੰਘ ਪਤਨੀ ਕਿਰਨਦੀਪ ਕੌਰ ਪਿੰਡ ਖੇਹਿਰਾ ਸੁਲਤਾਨ, ਵੱਲੋਂ ਆਪਣੇ ਵਿਆਹ ਦੀ 19 ਵਰੇਗੰਢ ਮਨਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

**ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।**

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

### ਹਠੂਰ ਵਿੱਚ ਸਰਪੰਚੀ ਦੇ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਦੇ

# ਡੋਰ ਟੂ ਡੋਰ ਨੇ ਲੋਕਾਂ ਦੇ ਦਿਲ ਮੋਹ ਲਏ



**ਹਠੂਰ/ਜਗਰਾਉਂ** -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਤੋਂ ਸਰਪੰਚੀ ਦੀ ਚੋਣ ਲੜ ਰਹੇ ਬੜੇ ਹੀ ਮਿਹਨਤੀ, ਇਮਾਨਦਾਰ, ਮਿਲਾਪੜੇ ਸੁਭਾਅ ਦੇ ਮਾਲਕ ਅਤੇ ਖੁਸ਼ਿਦਲ ਇਨਸਾਨ, ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਦੇ ਅੱਜ ਦੇ ਡੋਰ ਟੂ ਡੋਰ ਨੇ ਲੋਕਾਂ ਦੇ ਦਿਲ ਮੋਹ ਲਏ, ਵੱਡੀ ਗਿਣਤੀ ਵਿੱਚ ਆਪਣੇ ਸਮਰਥਕਾਂ ਨੂੰ ਨਾਲ ਲੈਕੇ ਦਵਿੰਦਰ ਸਿੰਘ ਬੱਬੀ ਗਰੇਵਾਲ ਜਦੋਂ ਡੋਰ ਟੂ ਡੋਰ ਕਰ ਰਹੇ ਸਨ ਤਾਂ ਕਈ ਲੋਕਾਂ ਨੇ ਨਗਰ ਵਿੱਚ ਆ ਰਹੀਆਂ ਸਮੱਸਿਆਵਾਂ ਉਨ੍ਹਾਂ ਨੂੰ ਦੱਸੀਆਂ, ਤੇ ਗਰੇਵਾਲ ਨੇ ਵੀ ਸੁਣ ਕੇ ਕਿਹਾ ਕਿ ਜੇਕਰ ਵਾਹਿਗੁਰੂ ਦੀ

## ਇਤਿਹਾਸਕ ਨਗਰ ਦਾ ਸ਼ਾਨਦਾਰ ਢੰਗ ਨਾਲ ਕਰਾਂਗੇ ਸੁੰਦਰੀਕਰਨ : ਦਵਿੰਦਰ ਸਿੰਘ ਬੱਬੀ ਗਰੇਵਾਲ

ਕਿਰਪਾ ਸਦਕਾ ਉਨ੍ਹਾਂ ਨੂੰ ਨਗਰ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਉਹ ਹਰ ਤਰ੍ਹਾਂ ਦੀ ਸਮੱਸਿਆ ਦਾ ਹੱਲ ਕੱਢਣਗੇ, ਲੋਕਾਂ ਨੇ ਵੀ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੂੰ ਡਟ ਕੇ ਨਾਲ ਖੜ੍ਹੇ ਹੋਣ ਦਾ ਭਰੋਸਾ ਦਵਾਇਆ, ਵੱਖ-ਵੱਖ ਥਾਵਾਂ ਤੇ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੂੰ ਨਗਰ ਦੇ ਲੋਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ, ਗੱਲਬਾਤ ਕਰਦਿਆਂ ਉਮੀਦਵਾਰ ਦਵਿੰਦਰ ਸਿੰਘ ਬੱਬੀ ਗਰੇਵਾਲ ਨੇ ਕਿਹਾ ਕਿ ਲੋਕ ਸੇਵਾ ਦਾ ਮੌਕਾ ਬਖਸ਼ਣ ਤੇ ਇਤਿਹਾਸਕ ਨਗਰ ਦਾ ਸ਼ਾਨਦਾਰ ਢੰਗ ਨਾਲ ਸੁੰਦਰੀਕਰਨ ਕਰਾਂਗੇ, ਜਿਸ ਦੀਆਂ ਪਲਾਇੰਨਗਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਐੱਨ ਆਰ ਆਈ ਵੀਰਾਂ ਦੀ ਵੀ ਉਨ੍ਹਾਂ ਨੂੰ ਫੁੱਲ ਸਪੋਟ ਹੈ। ਤੇ ਨਗਰ ਦੀ ਵੱਖ ਵੱਖ ਪੱਤੀਆਂ ਚੋਂ ਉਨ੍ਹਾਂ ਨੂੰ ਵੱਡੀ ਗਿਣਤੀ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਨਗਰ ਦੇ ਬਜ਼ੁਰਗਾਂ



ਦਾ ਥਾਪੜਾ ਮੇਰੇ ਹੌਂਸਲੇ ਨੂੰ ਖੰਭ ਲਗਾ ਰਿਹਾ ਹੈ। ਜਿਸ ਨਾਲ ਮੇਰੇ ਅੰਦਰ ਨਗਰ ਲਈ ਅੱਛਾ ਕਰਨ ਦਾ ਜੋਸ਼ ਅਤੇ ਜਜ਼ਬਾ ਪੈਦਾ ਹੁੰਦਾ ਹੈ। ਨਗਰ ਦੇ ਸੂਝਵਾਨ ਲੋਕਾਂ ਦਾ ਹਮੇਸ਼ਾ ਰਿਣੀ ਰਹਾਂਗਾ ਜੋ ਇੰਨਾ ਪਿਆਰ ਬਖ਼ਸ਼ ਰਹੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਚੋਣ ਨਿਸ਼ਾਨ ਘੜਾ ਮਿਲਿਆ ਹੈ। ਤੇ ਮੇਰੇ ਨਗਰ ਤੇ ਮੈਨੂੰ ਰੱਬ ਜਿੰਨਾ ਮਾਣ ਹੈ ਕਿ ਉਹ ਮੇਰੀਆਂ ਆਸਾਂ ਤੇ ਉਮੀਦਾਂ ਨੂੰ ਟੁੱਟਣ ਨਹੀਂ ਦੇਣਗੇ, ਤੇ ਵੱਡੀ ਲੀਡ ਨਾਲ ਜਿੱਤ ਹਾਸਲ ਕਰਵਾਉਣਗੇ। ਅਸੀਂ ਵੀ ਨਗਰ ਨਿਵਾਸੀਆਂ ਦੀ ਵੋਟ ਦਾ ਮੁੱਲ ਵਿਕਾਸ਼ ਕਾਰਜਾਂ ਰਾਹੀਂ ਮੋੜਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਝੋਨੇ ਦੀ ਪਰਾਲੀ ਨਾ ਸਾੜਨ ਦਾ ਸੁਨੇਹਾ

# ਘਰ-ਘਰ ਪਹੁੰਚਾਉਣਾ ਯਕੀਨੀ ਬਣਾਉਣ ਕਲੱਸਟਰ ਅਤੇ ਨੋਡਲ ਅਫ਼ਸਰ: ਵਧੀਕ ਡਿਪਟੀ ਕਮਿਸ਼ਨਰ ਅਮਿਤ ਬੈਂਬੀ

**ਸੰਗਰੂਰ, ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਦੀ ਯੋਗ ਅਗਵਾਈ 'ਚ ਜ਼ਿਲ੍ਹੇ ਦੇ ਵੱਖ-ਵੱਖ ਮਹਿਕਮਿਆਂ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਝੋਨੇ ਦੀ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨ ਦੀ ਜਾਣਕਾਰੀ ਘਰ-ਘਰ ਪਹੁੰਚਾਉਣ ਲਈ ਨਿਯਮਤ ਤੌਰ 'ਤੇ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।

ਅੱਜ ਇਨ੍ਹਾਂ ਗਤੀਵਿਧੀਆਂ ਦੀ ਸਮੀਖਿਆ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਅਮਿਤ ਬੈਂਬੀ ਨੇ ਕਲੱਸਟਰ ਅਫ਼ਸਰਾਂ ਤੇ ਨੋਡਲ ਅਫ਼ਸਰਾਂ ਨੂੰ ਟੀਮਾਂ ਬਣਾ ਕੇ ਸਬੰਧਤ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਅਤੇ ਇਸ ਦੇ ਬੁਰੇ ਪ੍ਰਭਾਵਾਂ ਤੇ ਹੋਰ ਨੁਕਸਾਨਾਂ ਬਾਰੇ ਸੰਜੀਦਗੀ ਨਾਲ ਜਾਗਰੂਕ ਕਰਨ ਦੀ ਹਦਾਇਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਲਾਕ ਅਤੇ ਜ਼ੋਨ ਵਾਈਜ਼ ਜ਼ਿਲ੍ਹੇ ਦੇ ਸਾਰੇ ਪਿੰਡਾਂ ਨੂੰ ਵੰਡ ਕੇ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅਗਲੀ ਫਸਲ ਲਈ ਸਮੇਂ ਸਿਰ ਖੇਤ ਤਿਆਰ ਕਰਨ ਦੀ ਕਾਹਲ 'ਚ ਕਿਸਾਨਾਂ ਵੱਲੋਂ ਪਰਾਲੀ ਦਾ ਕੋਈ ਸਾਰਥਕ ਹੱਲ ਕੱਢੇ ਬਗੈਰ ਇਸ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜੋ ਬਹੁਤ ਮਾੜਾ ਰੁਝਾਨ ਹੈ। ਉਨ੍ਹਾਂ ਕਿਹਾ ਕਿ ਅੱਗ ਲਗਾਉਣ ਨਾਲ ਵਾਤਾਵਰਨ ਦਾ ਬਹੁਤ ਵੱਡੇ ਪੱਧਰ 'ਤੇ ਨੁਕਸਾਨ ਹੁੰਦਾ ਹੈ ਅਤੇ ਆਲੇ-ਦੁਆਲੇ ਦੇ ਲੋਕਾਂ ਖ਼ਾਸ ਕਰਕੇ ਕਿਸਾਨਾਂ ਦੇ ਆਪਣੇ ਪਰਵਾਰਾਂ ਨੂੰ ਮਾਰੂ ਬਿਮਾਰੀਆਂ ਦੇ ਅਸਰ ਹੇਠੋਂ ਲੰਘਣਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਅੱਗ ਕਰਕੇ ਪੈਦਾ ਹੋਣ ਵਾਲੇ ਧੂੰਏਂ ਕਰਕੇ ਇੱਕ ਪਾਸੇ ਮਨੁੱਖੀ ਸਰੀਰ ਲਈ ਕਈ ਤਰ੍ਹਾਂ ਦੀਆਂ ਗੰਭੀਰ ਬਿਮਾਰੀਆਂ ਫ਼ੈਲਦੀਆਂ ਹਨ ਅਤੇ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ ਜਦਕਿ ਦੂਸਰੇ ਪਾਸੇ ਜ਼ਮੀਨ ਵਿੱਚ ਮੌਜੂਦ ਮਿੱਤਰ ਕੀੜੇ ਅਤੇ ਹੋਰ ਉਪਜਾਊ ਤੱਤ ਵੀ ਨਸ਼ਟ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਅਨੇਕ ਕਾਰਨਾਂ ਦੇ ਮੱਦੇਨਜ਼ਰ ਇਸ ਮਾੜੇ ਰੁਝਾਨ ਨੂੰ ਰੋਕਣਾ ਅਤਿ ਜ਼ਰੂਰੀ ਹੈ।



ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਨੂੰ ਰੋਕਣ ਲਈ ਗੰਭੀਰਤਾ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪ੍ਰਸ਼ਾਸਨਿਕ ਅਧਿਕਾਰੀ ਵੀ ਰੋਜ਼ਾਨਾ ਪਿੰਡਾਂ 'ਚ ਮੀਟਿੰਗਾਂ ਵੀ ਕਰ ਰਹੇ ਹਨ ਅਤੇ ਪਰਾਲੀ ਦੇ ਪ੍ਰਬੰਧਨ ਲਈ ਉਪਲਬਧ ਮਸ਼ੀਨਰੀ ਦੀ ਵਰਤੋਂ ਬਾਰੇ ਜਾਣਕਾਰੀ ਵੀ ਦੇ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਪੀ. ਪਲਵਿੰਦਰ ਸਿੰਘ ਚੀਮਾ, ਮੁੱਖ ਖੇਤੀਬਾੜੀ ਅਫ਼ਸਰ ਹਰਬੰਸ ਸਿੰਘ, ਬੀ.ਡੀ.ਪੀ.ਓ. ਗੁਰਦਰਸ਼ਨ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਐਸ.ਡੀ.ਐਮ ਵਿਕਾਸ ਹੀਰਾ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਜਾਗਰੂਕ ਕੀਤਾ




**ਧੂਰੀ, ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਜ ਧੂਰੀ ਸਬ ਡਵੀਜਨ. ਦੇ ਪਿੰਡ ਭਲਵਾਨ ਵਿਖੇ ਝੋਨੇ ਦੀ ਪਰਾਲੀ ਤੇ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਅਤੇ ਪਰਾਲੀ ਦੇ ਯੋਗ ਪ੍ਰਬੰਧਨ ਲਈ ਪ੍ਰੇਰਿਤ ਕਰਨ ਲਈ ਐਸਡੀਐਮ ਧੂਰੀ ਵਿਕਾਸ ਹੀਰਾ ਦੀ ਪ੍ਰਧਾਨਗੀ ਹੇਠ ਜਾਗਰੁਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪੁੰਨਾਂਵਾਲ, ਭਲਵਾਨ ਅਤੇ ਮੀਮਸਾ ਦੇ ਮੋਹਤਬਰ ਵਿਅਕਤੀ, ਨੰਬਰਦਾਰ ਅਤੇ ਪਿੰਡਾਂ ਦੇ ਕਿਸਾਨਾਂ ਵੱਲੋਂ ਹਿੱਸਾ ਲਿਆ ਗਿਆ। ਇਸ ਕੈਂਪ ਵਿੱਚ ਕਾਨੂੰਗੋ, ਪਟਵਾਰੀਆਂ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ/ਨਾੜ ਨੂੰ ਅੱਗ ਲਗਾਉਣ ਨਾਲ ਜ਼ਮੀਨ ਅਤੇ ਵਾਤਾਵਰਨ ਉਪਰ ਪੈਣ ਵਾਲੇ ਬੁਰੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ ਅਤੇ ਸਰਕਾਰ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਸਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਉਪ ਮੰਡਲ ਮੈਜਿਸਟਰੇਟ ਵਲੋਂ ਦੱਸਿਆ ਗਿਆ ਕਿ ਉਹਨਾਂ ਵੱਲੋਂ ਧੂਰੀ ਸਬ ਡਵੀਜ਼ਨ ਦੇ ਵੱਖ ਵੱਖ ਪਿੰਡਾਂ ਵਿੱਚ ਕੈਂਪ ਲਗਾਕੇ ਕਿਸਾਨਾਂ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਵਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਝੋਨੇ ਦੀ ਪਰਾਲੀ/ਨਾੜ ਦੇ ਯੋਗ ਪ੍ਰਬੰਧਨ ਲਈ ਕਿਸੇ ਵੀ ਤਰ੍ਹਾਂ ਦੀ ਖੇਤੀ ਮਸ਼ੀਨਰੀ ਪ੍ਰਾਪਤ ਕਰਨ ਲਈ ਸਬੰਧਤ ਪਟਵਾਰੀ ਹਲਕਾ ਜਾਂ ਸਬੰਧਤ ਖੇਤੀਬਾੜੀ ਅਫ਼ਸਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਲੋਕ ਸੰਪਰਕ ਵਿਭਾਗ ਦੇ ਕਲਰਕ ਸ੍ਰ ਬਲਦੇਵ ਸਿੰਘ ਪਰਿਵਾਰ ਨੂੰ ਦੇ ਗਏ ਅਚਾਨਕ ਸਦੀਵੀ ਵਿਛੋੜਾ

ਜੰਡਿਆਲਾ ਗੁਰੂ 8 ਅਕਤੂਬਰ ( ਕੁਲਵੰਤ ਸਿੰਘ ਵਿਰਦੀ) ਅੱਜ ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਅੰਮ੍ਰਿਤਸਰ ਵਿੱਚ ਬਤੌਰ ਕਲਰਕ ਵਜੋਂ ਸੇਵਾਵਾਂ ਨਿਭਾ ਰਹੇ ਸ੍ਰ ਬਲਦੇਵ ਸਿੰਘ ਆਪਣੇ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ। ਦੱਸਣਯੋਗ ਹੈ ਕਿ ਉਹ ਪਿਛਲੇ 30 ਸਾਲਾਂ ਤੋਂ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾ ਰਹੇ ਸਨ। ਅੱਜ ਉਨ੍ਹਾਂ ਦਾ ਸ਼ਹੀਦਾਂ ਸਾਹਿਬ ਸ਼ਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ ਜਿਥੇ ਉਨ੍ਹਾਂ ਦੇ ਪੁੱਤਰ ਨੇ ਉਨ੍ਹਾਂ ਦੇ ਸਰੀਰ ਨੂੰ ਅਗਨ ਭੇਂਟ ਕੀਤਾ। ਉਹ ਆਪਣੇ ਪਿਛੇ ਪਤਨੀ ਤੋਂ ਇਲਾਵਾ ਇਕ ਲੜਕਾ ਅਤੇ ਇਕ ਲੜਕੀ ਛੱਡ ਗਏ ਹਨ। ਇਸ ਮੌਕੇ ਜਿਲ੍ਹਾ ਲੋਕ ਸੰਪਰਕ ਅਫਸਰ, ਸ੍ਰ ਸ਼ੇਰ ਜੰਗ ਸਿੰਘ ਹੁੰਦਲ, ਰਿਟਾ: ਡਿਪਟੀ ਡਾਇਰੈਕਟਰ ਸ੍ਰ ਸੁਖਦੇਵ ਸਿੰਘ ਰੰਧਾਵਾ, ਸਹਾਇਕ ਲੋਕ ਸੰਪਰਕ ਅਫਸਰ ਸ੍ਰੀ ਯੋਗੇਸ਼ ਕੁਮਾਰ, ਸ੍ਰੀ ਜਗਵਿੰਦਰ ਸਿੰਘ, ਸ੍ਰੀ ਸਦਾਨੰਦ ਕੁਮਾਰ, ਸ੍ਰੀ ਨਰਿੰਦਰ ਸਿੰਘ, ਸ੍ਰੀ ਅੰਮ੍ਰਿਤ ਸਿੰਘ, ਸ੍ਰੀ ਅਰਵਿੰਦਰਪਾਲ ਸਿੰਘ ਅਤੇ ਸ਼ਿਵਾ ਕੁੰਦਰ ਵੀ ਹਾਜਰ ਸੀ।



ਆਵਾਜ਼ਿ ਕੌਮ AWAZE QAUM International Newspaper & WEB TV

## ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀ ਦੀ ਹੋਈ ਰਾਸ਼ਟਰੀ ਪੱਧਰ ਲਈ ਚੋਣ : ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਖਿਡਾਰੀ ਦਿਲਪ੍ਰੀਤ ਸਿੰਘ ਅਤੇ ਕੋਚ ਬਲਕਾਰ ਸਿੰਘ ਦੀ ਮਿਹਨਤ ਰੰਗ ਲਿਆਈ




**ਲੁਧਿਆਣਾ, (ਵਰਿਆਮ ਹਠੂਰ)**-ਮਹਾਨਗਰ ਲੁਧਿਆਣਾ 'ਚ ਕਰਵਾਏ 99ਵੇਂ ਜੂਨੀਅਰ ਓਪਨ ਪੰਜਾਬ ਅਥਲੈਟਿਕ ਮੁਕਾਬਲਿਆਂ ਵਿੱਚ ਜ਼ਿਲ੍ਹਾ ਬਰਨਾਲਾ ਦੇ ਪਿੰਡ ਦੀਵਾਨਾ ਵਿਖੇ ਸਥਿੱਤ ਐੱਸ.ਜੀ.ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀ ਨੇ ਸੂਬਾ ਪੱਧਰੀ ਅਥਲੈਟਿਕ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਗੱਲਬਾਤ ਕਰਦਿਆਂ ਐੱਸ ਜੀ ਐੱਨ ਇੰਟਰਨੈਸ਼ਨਲ ਦੀਵਾਨਾ ਦੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਦਿਲਪ੍ਰੀਤ ਸਿੰਘ ਢਿੱਲੋਂ ਪੁੱਤਰ ਸ਼੍ਰੀ ਗੁਰਜੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਦਿਲ ਮੋਹ ਲਿਆ ਹੈ। ਅਤੇ ਪਹਿਲੀਆਂ ਪੁਜੀਸ਼ਨਾਂ ਹਾਸਲ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਜੇਤੂ ਖਿਡਾਰੀ ਹੁਣ ਕੌਮੀ ਪੱਧਰ 'ਤੇ ਸੂਬੇ ਦੀ ਨੁਮਾਇੰਦਗੀ ਕਰਨਗੇ। ਤੇ ਅੰਡਰ-14 ਦੇ ਦੋ ਮੁਕਾਬਲਿਆਂ ਲੰਬੀ ਛਾਲ ਅਤੇ ਦੌੜ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਇਹ ਪ੍ਰਾਪਤੀ ਪਿੱਛੇ ਦਿਲਪ੍ਰੀਤ ਅਤੇ ਕੋਚ ਬਲਕਾਰ ਸਿੰਘ ਦੀ ਬਹੁਤ ਲੰਮੇ ਸਮੇਂ ਦੀ ਮਿਹਨਤ ਹੈ। ਜ਼ੋ ਰੰਗ ਲਿਆਈ ਹੈ। ਦਿਲਪ੍ਰੀਤ ਪਹਿਲਾਂ ਵੀ ਕਈ ਮੁਕਾਬਲਿਆਂ ਵਿੱਚ ਭਾਗ ਲੈ ਕੇ ਸਟੇਟ ਪੱਧਰ ਤੱਕ ਖੇਡਾਂ ਵਿੱਚ ਮੱਲਾਂ ਮਾਰ ਚੁਕਿਆ ਹੈ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੀ ਜ਼ਰੂਰੀ ਹਨ। ਇਹ ਖਿਡਾਰੀ ਹੁਣ ਕੌਮੀ ਪੱਧਰ ਤੇ ਸੂਬੇ ਦੀ ਨੁਮਾਇੰਦਗੀ ਕਰੇਗਾ। ਤੇ ਇਸੇ ਤਰ੍ਹਾਂ ਸਕੂਲ ਦੇ ਕਈ ਖਿਡਾਰੀ ਪਿਛਲੇ ਸਾਲ ਵੀ ਅਤੇ ਇਸ ਸਾਲ ਵੀ ਖੇਡਾਂ ਵਿੱਚ ਸਟੇਟ ਪੱਧਰ ਤੇ ਪਹੁੰਚ ਚੁੱਕੇ ਹਨ। ਜੋ ਵਧਾਈ ਦੇ ਪਾਤਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜਸਵਿੰਦਰ ਸਿੰਘ ਕਾਲਾ ਆਪਣੇ ਪਰਿਵਾਰ ਸਮੇਤ ਬਰਮਿੰਘਮ ਯੂ. ਕੇ. ਤੋਂ

# ਸੰਤ ਬਾਬਾ ਪਰਮਜੀਤ ਸਿੰਘ ਜੀ ਢਿੱਡਾ ਸਾਹਿਬ ਵਾਲੇ ਮਹਾਂਪੁਰਸ਼ਾਂ ਨੂੰ ਮਿਲਣ ਲਈ ਪਹੁੰਚੇ



**ਫ਼ਿਰੋਜ਼ਪੁਰ, 8 ਅਕਤੂਬਰ (ਮਨੋਹਰ ਲਾਲ) :—** ਜ਼ਸਵਿੰਦਰ ਸਿੰਘ ਕਾਲਾ ਆਪਣੇ ਪਰਿਵਾਰ ਸਮੇਤ ਬਰਮਿੰਘਮ ਯੂ.ਕੇ ਤੋਂ ਸੰਤ ਬਾਬਾ ਪਰਮਜੀਤ ਸਿੰਘ ਜੀ ਢਿਡਾ ਸਾਹਿਬ ਵਾਲੇ ਮਹਾਂਪੁਰਸ਼ਾਂ ਨੂੰ ਮਿਲਣ ਲਈ ਪਹੁੰਚੇ, ਜਿਥੇ ਸੰਤ ਬਾਬਾ ਪਰਮਜੀਤ ਸਿੰਘ ਜੀ ਢਿੱਡਾ ਸਾਹਿਬ ਵਾਲੇ ਮਹਾਂ ਪੁਰਸ਼ਾਂ ਨੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਤੇ ਸੰਤ ਬਾਬਾ ਪਰਮਜੀਤ ਸਿੰਘ ਜੀ ਨੇ ਬੋਲਦਿਆਂ ਕਿਹਾ ਕਿ ਵਿਦੇਸ਼ ਦੀ ਧਰਤੀ ਯੂ.ਕੇ ਬਰਮਿੰਘਮ ਵਿਖੇ ਗੁਰੂ ਜੀ ਦੀ ਵਡਿਆਈ ਨੂੰ ਪ੍ਰਫੁਲਤ ਕਰਨ ਲਈ ਅਤੇ ਸੰਗਤਾਂ ਨੂੰ ਗੁਰੂ ਲੜ ਲਾਉਣ ਦਾ ਉਪਰਾਲਾ ਕਰ ਰਹੇ ਹਨ। ਸੰਤ ਬਾਬਾ ਪਰਮਜੀਤ ਸਿੰਘ ਢਿਡਾ ਸਾਹਿਬ ਵਾਲਿਆਂ ਨੇ ਅੱਗੇ ਕਿਹਾ ਕਿ ਸ: ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਐਡਵੋਕੇਟ ਜਿਹੜੇ ਕਿ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਜੋ ਕਿ 9 ਦਿਨ ਮਨਾਈ ਜਾਂਦੀ ਹੈ, ਇਸੇ ਤਰ੍ਹਾਂ 17ਵੀਂ ਸਲਾਨਾ ਬਰਸੀ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 25 ਨਵੰਬਰ ਤੋਂ ਇਕ ਦਸੰਬਰ2024 ਤੱਕ ਬਾਬੇ ਕੇ ਗੁਰਦੁਆਰਾ ਸੋਹੋ ਹਿੱਲ ਬੀ ਇਕ 19 ਏ.ਏ ਬਰਮਿੰਘਮ ਯੂ.ਕੇ ਵਿਖੇ ਮਨਾਈ ਜਾ ਰਹੀ ਹੈ। ਇਹ ਬਹੁਤ ਵੱਡਾ ਉਪਰਾਲਾ ਹੈ, ਇਸ ਮੌਕੇ ਤੇ ਸੰਤ ਬਾਬਾ ਪਰਮਜੀਤ ਸਿੰਘ ਢਿਡਾ ਸਾਹਿਬ ਨੇ ਸ: ਜ਼ਸਵਿੰਦਰ ਸਿੰਘ ਕਾਲਾ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਜ਼ਸਵਿੰਦਰ ਸਿੰਘ ਕਾਲਾ, ਜਗਦੇਵ ਸਿੰਘ, ਗਗਣੀ ਪ੍ਰਸਿੱਧ ਰਾਗੀ ਜਥਾ, ਸਰਬਜੀਤ ਸਿੰਘ ਨਿਝਰ, ਸਿਮਰਨ ਪਾਲ ਸਿੰਘ ਧੰਜਲ, ਦਰਸ਼ਨ ਸਿੰਘ ਲੋਹੀਆ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਬਰਮਿੰਘਮ ਯੂ. ਕੇ. ਵਿਖੇ

# 25 ਨਵੰਬਰ ਤੋਂ ਇਕ ਦਸੰਬਰ ਤੱਕ : ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਨਰਿੰਦਰ ਸਿੰਘ ਧੰਜਲ

**ਫ਼ਿਰੋਜ਼ਪੁਰ, 8 ਅਕਤੂਬਰ (ਮਨੋਹਰ ਲਾਲ) :—** ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਬਰਮਿੰਘਮ ਸੋਹੋ ਹਿੱਲ ਬੀ ਇਕ 19ਏ.ਏ ਬਰਮਿੰਘਮ ਯੂ.ਕੇ ਵਿਖੇ 25 ਨਵੰਬਰ ਤੋਂ ਇਕ ਦਸੰਬਰ ਤੱਕ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ: ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਨਰਿੰਦਰ ਸਿੰਘ ਧੰਜਲ ਨੇ ਦੱਸਿਆ ਕਿ ਇਸ ਮੌਕੇ ਤੇ ਦੇਸ਼—ਵਿਦੇਸ਼ ਤੇ ਮਹਾਨ ਸਖਸ਼ੀਅਤਾਂ ਪਹੁੰਚ ਰਹੀਆਂ ਹਨ, ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਸੁਖਜੀਤ ਸਿੰਘ ਜੀ ਸੀਚੇਵਾਲ, ਬਾਬਾ ਹਰਜੀਤ ਸਿੰਘ,





ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲੇ, ਭਾਈ ਜ਼ੋਸਨਪ੍ਰੀਤ ਸਿੰਘ, ਭਾਈ ਨਿਰਮਲ ਸਿੰਘ ਜੀ ਰਬਾਬੀ ਪਹੁੰਚ ਰਹੇ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਆਰੰਭ 26 ਨੂੰ ਹੋਣਗੇ ਅਤੇ 27 ਨਵੰਬਰ 2024 ਨੂੰ ਭੋਗ ਪਾਏ ਜਾਣਗੇ। ਇਸ ਤੋਂ ਇਲਾਵਾ ਦੂਸਰਾ ਸ੍ਰੀ ਆਖੰਡ ਪਾਠ ਆਰੰਭ 27 ਨੂੰ ਹੋਣਗੇ ਅਤੇ 29 ਨਵੰਬਰ 2024 ਨੂੰ ਭੋਗ ਪਾਏ ਜਾਗੇ। ਇਸ ਤੋਂ ਇਲਾਵਾ ਤੀਸਰਾ ਸ੍ਰੀ ਆਖੰਡ ਪਾਠ ਸਾਹਿਬ ਆਰੰਭ 29 ਨਵੰਬਰ ਨੂੰ ਅਤੇ ਭੋਗ ਇਕ ਦਸੰਬਰ 2024 ਨੂੰ ਪਾਏ ਜਾਣਗੇ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜਡੂ, ਰਛਪਾਲ ਸਿੰਘ, ਹਰਪਾਲ ਸਿੰਘ, ਅਮਤੋਜ਼ ਸਿੰਘ ਸੱਗੂ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਮਹਾਨ ਸਮਾਗਮ ਦੀਆਂ ਡਿਊਟੀਆਂ ਹੁਣ ਤੋਂ ਹੀ ਵੰਡ ਦਿੱਤੀਆਂ ਗਈਆਂ ਹਨ। ਇਸ ਮੌਕੇ ਤੇ ਗੁਰਮੀਤ ਸਿੰਘ ਸੈਭੀ, ਬਲਕਾਰ ਸਿੰਘ ਗੋਪੀ, ਅਮਰੀਕ ਸਿੰਘ ਮੀਤਾ, ਨਰਿੰਦਰ ਸਿੰਘ ਧੰਜਲ ਦੀਆਂ ਡਿਊਟੀਆਂ ਸੰਗਤਾਂ ਦੀ ਸਾਂਭ ਸੰਭਾਲ ਲਈ ਅਤੇ ਲੰਗਰਾਂ ਦੀਆਂ ਡਿਊਟੀਆਂ ਬੀਬੀ ਨਿੰਦਰਕੌਰ ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਰਿੰਦਰ ਕੌਰ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ 7 ਦਿਨ ਗੁਰੂ ਕਾ ਲੰਗਰ ਜ਼ੋ ਕਿ 26 ਨਵੰਬਰ ਤੋਂ ਲੈ ਕੇ ਇਕ ਦਸੰਬਰ ਤੱਕ ਅਤੁੱਟ ਵਰਤਾਇਆ ਜਾਵੇਗਾ। ਉਪਰੋਕਤ ਆਗੂਆਂ ਨੇ ਬਰਮਿੰਘਮ ਅਤੇ ਯੂ.ਕੇ ਦੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ, ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਚਾਇਤੀ ਚੋਣਾਂ ਤੋਂ ਪਹਿਲਾਂ ਪੰਜਾਬ ਕੈਬਨਿਟ ਦੀ ਮੀਟਿੰਗ ਵਿਚ ਲਏ ਗਏ ਵੱਡੇ ਫ਼ੈਸਲੇ

**ਚੰਡੀਗੜ੍ਹ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਚਾਇਤੀ ਚੋਣਾਂ ਤੋਂ ਪਹਿਲਾਂ ਪੰਜਾਬ ਕੈਬਨਿਟ ਦੀ ਅਹਿਮ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚੰਡੀਗੜ੍ਹ ਸਥਿਤ ਉਨ੍ਹਾਂ ਦੀ ਰਿਹਾਇਸ਼ ਵਿਚ ਹੋਈ। ਇਸ ਮੀਟਿੰਗ ਵਿਚ ਪੰਜਾਬ ਕੈਬਨਿਟ ਨੇ ਸੂਬੇ ਦੀਆਂ ਖ਼ਰੀਦ ਏਜੰਸੀਆਂ (ਪਨਗ੍ਰੇਨ, ਮਾਰਕਫੈੱਡ, ਪਨਸਪ ਅਤੇ ਪੰਜਾਬ ਵੇਅਰ ਹਾਊਸ ਕਾਰਪੋਰੇਸ਼ਨ) ਵੱਲੋਂ ਖ਼ਰੀਦੇ ਝੋਨੇ ਨੂੰ ਮਿਲਿੰਗ ਲਈ ਦੇਣ ਅਤੇ ਇਸ ਦੀ ਕੇਂਦਰੀ ਪੂਲ ਵਿਚ ਸਮੇਂ ਸਿਰ ਡਿਲੀਵਰੀ ਲਈ ਸਾਉਣੀ ਸੀਜ਼ਨ 2024-25 ਲਈ ਪੰਜਾਬ ਕਸਟਮ ਮਿਲਿੰਗ ਪਾਲਿਸੀ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਸਾਉਣੀ ਮਾਰਕੀਟਿੰਗ ਸੀਜ਼ਨ 2024-25 ਮਿਤੀ 1 ਅਕਤੂਬਰ, 2024 ਤੋਂ ਸ਼ੁਰੂ ਹੋਇਆ ਹੈ ਅਤੇ ਖ਼ਰੀਦ ਦਾ ਕੰਮ ਮਿਤੀ 30-11-2024 ਤੱਕ ਮੁਕੰਮਲ ਹੋਵੇਗਾ। ਸਾਉਣੀ ਖ਼ਰੀਦ ਸੀਜ਼ਨ 2024-25 ਖ਼ਰੀਦਿਆ ਝੋਨਾ ਸੂਬੇ ਵਿਚ ਸਥਿਤੀ ਯੋਗ ਚੌਲ ਮਿੱਲਾਂ ਵਿਚ ਸਟੋਰ ਕੀਤਾ ਜਾਵੇਗਾ। ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਪੰਜਾਬ ਵਿਭਾਗ ਵੱਲੋਂ ਹਰੇਕ ਸਾਉਣੀ ਖ਼ਰੀਦ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਹਰੇਕ ਸਾਲ ਕਸਟਮ ਮਿਲਿੰਗ ਪਾਲਿਸੀ ਜਾਰੀ ਕੀਤੀ ਜਾਂਦੀ ਹੈ ਤਾਂ ਕਿ ਭਾਰਤ ਸਰਕਾਰ ਵੱਲੋਂ ਤੈਅ ਮਾਪਦੰਡਾਂ ਅਨੁਸਾਰ ਸੂਬੇ ਦੀਆਂ ਖ਼ਰੀਦ ਏਜੰਸੀਆਂ ਵੱਲੋਂ ਖ਼ਰੀਦੇ ਝੋਨੇ ਦੀ ਮਿਲਿੰਗ ਹੋ ਸਕੇ। "ਦਿ ਪੰਜਾਬ ਕਸਟਮ ਮਿਲਿੰਗ ਪਾਲਿਸੀ ਫਾਰ ਖ਼ਰੀਦ 2024-25" ਦੇ ਉਪਬੰਧਾਂ ਅਨੁਸਾਰ ਵਿਭਾਗ ਵੱਲੋਂ ਸਮੇਂ ਸਿਰ ਚੌਲ ਮਿੱਲਾਂ ਨੂੰ ਮੰਡੀਆਂ ਨਾਲ ਆਨਲਾਈਨ ਜੋੜਿਆ ਜਾਵੇਗਾ। ਰਿਲੀਜ਼ ਆਰਡਰ (ਆਰ.ਓ.) ਸਕੀਮ ਤਹਿਤ ਚੌਲ ਮਿੱਲਰਾਂ ਨੂੰ ਦਿੱਤੇ ਜਾਣ ਵਾਲੇ ਝੋਨੇ ਦੀ ਵੰਡ ਆਨਲਾਈਨ ਪੋਰਟਲ ਰਾਹੀਂ ਆਟੋਮੈਟਿਕ ਹੋਵੇਗੀ। ਸੂਬੇ ਦੀਆਂ ਮੰਡੀਆਂ ਵਿਚੋਂ ਝੋਨਾ ਚੌਲ ਮਿੱਲਾਂ ਵਿਚ ਉਨ੍ਹਾਂ ਦੀ ਪਾਤਰਤਾ ਅਨੁਸਾਰ ਭੰਡਾਰ ਕਰਨ ਦਾ ਉਪਬੰਧ ਕੀਤਾ ਗਿਆ ਹੈ। ਪਾਲਿਸੀ ਅਤੇ ਐਗਰੀਮੈਂਟ ਮੁਤਾਬਕ ਚੌਲ ਮਿਲ ਮਾਲਕਾਂ ਨੂੰ ਭੰਡਾਰ ਹੋਏ ਝੋਨੇ ਦਾ ਮੁਕੰਮਲ ਚੌਲ 31 ਮਾਰਚ, 2025 ਤੱਕ ਡਿਲਵਰ ਕਰਨ ਦਾ ਉਪਬੰਧ ਵੀ ਕੀਤਾ ਗਿਆ ਹੈ। ਸੂਬੇ ਵਿਚ ਸਨਅਤੀ ਵਿਕਾਸ ਨੂੰ ਹੋਰ ਹੁਲਾਰਾ ਦੇਣ ਦੇ ਮੰਤਵ ਨਾਲ ਮੰਤਰੀ ਮੰਡਲ ਨੇ ਅੱਜ ਪੰਜਾਬ ਵਿਚ ਵਾਤਾਵਰਨ ਕਲੀਅਰੈਂਸ ਲਈ ਲਗਦੀ ਪ੍ਰਾਸੈਸਿੰਗ ਫੀਸ ਢਾਂਚੇ ਵਿਚ ਸੱਤ ਨਵੀਆਂ ਸਲੈਬਾਂ ਲਿਆ ਕੇ ਕਟੌਤੀ ਕਰਨ ਲਈ ਸਹਿਮਤੀ ਦੇ ਦਿੱਤੀ ਹੈ। ਪੰਜਾਬ ਵਿਚ ਵਾਤਾਵਰਨ ਕਲੀਅਰੈਂਸ ਦੇਣ ਲਈ ਪ੍ਰਾਸੈਸਿੰਗ ਫੀਸ ਵਜੋਂ ਪ੍ਰਾਜੈਕਟ ਦੀ ਕੁੱਲ ਲਾਗਤ ਦੇ ਪ੍ਰਤੀ ਕਰੋੜ ਰੁਪਏ ਉਤੇ 10 ਹਜ਼ਾਰ ਰੁਪਏ ਲਏ ਜਾਂਦੇ ਹਨ। ਇਸ ਕੁੱਲ ਲਾਗਤ ਵਿਚ ਜ਼ਮੀਨ, ਇਮਾਰਤ, ਬੁਨਿਆਦੀ ਢਾਂਚਾ, ਪਲਾਂਟ ਤੇ ਮਸ਼ੀਨਰੀ ਸ਼ਾਮਲ ਹੁੰਦੀ ਹੈ। ਹੁਣ ਨਵੀਂ ਸਲੈਬ ਮੁਤਾਬਕ ਪੰਜ ਕਰੋੜ ਰੁਪਏ ਤੱਕ ਦੇ ਪ੍ਰਾਜੈਕਟ ਲਈ ਵਾਤਾਵਰਨ ਕਲੀਅਰੈਂਸ ਵਜੋਂ 25 ਹਜ਼ਾਰ ਰੁਪਏ ਪ੍ਰਾਸੈਸਿੰਗ ਫੀਸ ਲਈ ਜਾਵੇਗੀ, ਜਦੋਂ ਕਿ ਪੰਜ ਤੋਂ 25 ਕਰੋੜ ਰੁਪਏ ਤੱਕ ਦੇ ਪ੍ਰਾਜੈਕਟ ਉਤੇ 1.50 ਲੱਖ ਰੁਪਏ ਫੀਸ ਲਈ ਜਾਵੇਗੀ। ਇਸ ਤੋਂ ਇਲਾਵਾ 25 ਕਰੋੜ ਤੋਂ 100 ਕਰੋੜ ਰੁਪਏ ਤੱਕ ਦੇ ਪ੍ਰਾਜੈਕਟ ਲਈ 6.25 ਲੱਖ ਰੁਪਏ ਪ੍ਰਾਸੈਸਿੰਗ ਫੀਸ ਲਈ ਜਾਵੇਗੀ, ਜਦੋਂ ਕਿ 100 ਤੋਂ 250 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟ ਲਈ 15 ਲੱਖ ਰੁਪਏ ਪ੍ਰਾਸੈਸਿੰਗ ਫੀਸ ਲੱਗੇਗੀ। 250 ਕਰੋੜ ਤੋਂ 500 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟ ਲਈ 30 ਲੱਖ ਰੁਪਏ ਵਾਤਾਵਰਨ ਕਲੀਅਰੈਂਸ ਦੀ ਪ੍ਰਾਸੈਸਿੰਗ ਫੀਸ ਵਜੋਂ ਲੱਗਣਗੇ, ਜਦੋਂ ਕਿ 500 ਕਰੋੜ ਰੁਪਏ ਤੋਂ ਇਕ ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟ ਲਈ 50 ਲੱਖ ਰੁਪਏ ਫੀਸ ਲੱਗੇਗੀ। ਇਕ ਹਜ਼ਾਰ ਕਰੋੜ ਰੁਪਏ ਤੋਂ ਉੱਪਰ ਦੀ ਲਾਗਤ ਵਾਲੇ ਪ੍ਰਾਜੈਕਟਾਂ ਉਤੇ ਵਾਤਾਵਰਨ ਕਲੀਅਰੈਂਸ ਲਈ ਪ੍ਰਾਸੈਸਿੰਗ ਫੀਸ ਵਜੋਂ 75 ਲੱਖ ਰੁਪਏ ਲੱਗਣਗੇ।



# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਦਾ ਲਗਵਾਇਆ ਟੂਰ



**ਫ਼ਿਰੋਜ਼ਪੁਰ, 8 ਅਕਤੂਬਰ (ਮਨੋਹਰ ਲਾਲ) :—** ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਸਥਿਤ ਜਲ੍ਹਿਆਂਵਾਲਾ ਬਾਗ ਅਤੇ ਕਿਲ੍ਹਾ ਗੋਬਿੰਦਗੜ੍ਹ ਦੀ ਇੱਕ ਰੋਜ਼ਾ ਯਾਤਰਾ ਤੇ ਲਿਜਾਇਆ ਗਿਆ ਤਾਂ ਜੋ ਬੱਚਿਆਂ ਨੂੰ ਆਪਣੀ ਆਜ਼ਾਦੀ ਦੇ ਇਤਿਹਾਸ ਅਤੇ ਵਿਰਸੇ ਸਬੰਧੀ ਜਾਣਕਾਰੀ ਹਾਸਲ ਹੋ ਸਕੇ। ਵਿਦਿਆਰਥੀਆਂ ਨੂੰ ਜਲ੍ਹਿਆਂਵਾਲਾ ਬਾਗ ਵਿਚ ਹੋਏ ਖੂਨੀ ਸਾਕੇ, ਦੇਸ਼ ਲਈ ਸ਼ਹੀਦ ਹੋਣ ਵਾਲੇ ਸੂਰਬੀਰਾਂ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸਕੂਲੀ ਬੱਚਿਆਂ ਦਾ ਗੋਬਿੰਦਗੜ੍ਹ ਕਿਲ੍ਹੇ ਵਿਚ ਸ਼ਾਨਦਾਰ ਸਵਾਗਤ ਹੋਇਆ, ਜਿਸ ਨੇ ਬੱਚਿਆਂ ਵਿਚ ਵੱਖਰੀ ਊਰਜਾ ਪੈਦਾ ਕੀਤੀ। ਇਸ ਉਪਰੰਤ ਵਿਦਿਆਰਥੀਆਂ ਨੇ ਮਹਾਰਾਜਾ ਰਣਜੀਤ ਸਿੰਘ ਜੀ ਦੇ ਜੀਵਨ ਤੇ ਬਣੀ 7ਡੀ ਫਿਲਮ ਦੇਖੀ, ਜੋ ਉਨ੍ਹਾਂ ਲਈ ਬਹੁਤ ਹੀ ਰੋਮਾਂਚਕ ਅਨੁਭਵ ਸੀ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸ਼ੂਟਿੰਗ, ਤੀਰ ਅੰਦਾਜ਼ੀ ਅਤੇ ਊਠ ਸਵਾਰੀ ਆਦਿ ਕਈ ਹੋਰ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਸਾਰੇ ਵਿਦਿਆਰਥੀਆਂ ਨੇ ਖੂਬ ਮਸਤੀ ਕੀਤੀ ਅਤੇ ਗਿਆਨ ਹਾਸਲ ਕੀਤਾ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਸੱਭਿਅਤਾ, ਸੱਭਿਆਚਾਰ ਅਤੇ ਇਤਿਹਾਸ ਨਾਲ ਜੋੜੀ ਰੱਖਣਾ ਬਹੁਤ ਜ਼ਰੂਰੀ ਹੈ, ਇਸੇ ਮਕਸਦ ਨਾਲ ਇਹ ਯਾਤਰਾ ਕਰਵਾਈ ਗਈ ਜੋ ਸਫ਼ਲ ਵੀ ਰਹੀ।

ਆਵਾਜ਼ਿ ਕੌਮ AWAZE QAUM International Newspaper & WEB TV

## ਫਾਈਨਾਂਸਰ ਵਲੋਂ ਤਨਖ਼ਾਹਾਂ ਅਟੈਚ ਕਰਵਾਉਣ ਵਾਲੇ ਮਾਮਲੇ ਦੀ ਈ.ਡੀ ਕਰੇ ਜਾਂਚ—ਹਰਸ਼ ਕੁਮਾਰ

**ਫ਼ਿਰੋਜ਼ਪੁਰ, 8 ਅਕਤੂਬਰ (ਮਨੋਹਰ ਲਾਲ) :—** ਫਾਈਨਾਂਸਰ ਮਾਫ਼ੀਆ ਵਲੋਂ ਅਦਾਲਤ ਰਾਹੀਂ ਕਰਵਾਈਆਂ ਜਾ ਰਹੀਆਂ ਹਨ ਤਨਖ਼ਾਹਾਂ ਅਟੈਚ ਮਜਬੂਰੀ ਵੱਸ ਫਾਈਨਾਂਸਰਾਂ ਕੋਲੋਂ ਕਰਜ਼ਾ ਲੈਣ ਗਏ ਬਹੁਤ ਸਾਰੇ ਲੋਕ ਪ੍ਰਾਈਵੇਟ ਫਾਈਨਾਂਸਰਾਂ ਹੱਥੋਂ ਸ਼ਿਕਾਰ ਹੋ ਕੇ ਆਪਣੀਆਂ ਤਨਖਾਹਾਂ ਅਦਾਲਤ ਰਾਹੀਂ ਅਟੈਚ ਕਰਵਾ ਕੇ ਆਪਣਾ ਘਰ—ਬਾਰ ਰੋਲ ਰਹੇ ਹਨ। ਇਨ੍ਹਾਂ ਵਿਚੋਂ ਬਹੁਤ ਸਾਰੇ ਲੋਕ ਪੰਜਾਬ ਪੁਲਿਸ ਅਤੇ ਹੋਰ ਸਰਕਾਰੀ ਅਦਾਰਿਆਂ ਵਿਚ ਨੌਕਰੀ ਕਰ ਰਹੇ ਹਨ, ਜੋ ਕਿ ਫਾਈਨਾਂਸ ਮਾਫ਼ੀਆ ਦਾ ਸ਼ਿਕਾਰ ਹੋ ਗਏ ਹਨ। ਇਸ ਸਬੰਧੀ ਹਰਸ਼ ਕੁਮਾਰ ਨੇ ਈ.ਡੀ ਅਤੇ ਇਲਵੈਸਟੀਗੇਸ਼ਨ ਇਨਕਮ ਟੈਕਸ ਵਿਭਾਗ ਨੂੰ ਲਿਖੇ ਪੱਤਰ ਵਿਚ ਮਾਮਲੇ ਦੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਜਾਣਕਾਰੀ ਦਿੰਦਿਆਂ ਹਰਸ਼ ਕੁਮਾਰ ਨੇ ਦੱਸਿਆ ਕਿ ਇਹ ਪੈਸੇ ਨਾ ਤਾ ਬੈਂਕ ਅਕਾਊਂਟ ਵਿੱਚੋ ਦਿੱਤਾ ਜਾਂਦਾ ਹੈ ਅਤੇ ਨਾ ਹੀ ਇਸ ਦਾ ਕੋਈ ਟੈਕਸ ਅਦਾ ਕੀਤਾ ਜਾਂਦਾ ਹੈ ਇਹ ਫਰਜੀ ਕੰਮ ਫਿਰੋਜ਼ਪੁਰ ਵਿੱਚ ਜ਼ੋਰਾਂ ਤੇ ਚਲ ਰਿਹਾ ਹੈ ਅਤੇ ਏਨਾ ਫਾਈਨਾਂਸਰਾਂ ਕੋਲ ਨਾ ਕੋਈ ਮਨੀ ਲਾਉਂਡਿੰਗ ਲਾਇਸੈਂਸ ਹੈ। ਉਨ੍ਹਾਂ ਕਿਹਾ ਕਿ ਕਈ ਤਰ੍ਹਾਂ ਦੀਆਂ ਮਜਬੂਰੀਆਂ ਵਿਚ ਫਸੇ ਹੋਏ ਸਰਕਾਰੀ ਮੁਲਾਜ਼ਮ ਵਿਸ਼ੇਸ਼ ਕਰ ਪੁਲਿਸ ਮੁਲਾਜ਼ਮਾਂ ਨੇ ਫਾਈਨਾਂਸਰਾਂ ਕੋਲੋਂ ਰਕਮਾਂ ਉਧਾਰ ਚੁੱਕੀਆਂ ਹਨ, ਜਿਸ ਸਬੰਧੀ ਵਿੱਚ ਫਾਈਨਾਂਸਰਾਂ ਵਲੋਂ ਅਦਾਲਤੀ ਦਾਅ ਪੇਚ ਨੂੰ ਵਰਤਦੇ ਹੋਏ ਇਕ ਫਰਜ਼ੀ ਰਿਕਵਰੀ (ਪ੍ਰਨੋਟ) ਦਾ ਕੇਸ ਦਾਇਰ ਕੀਤਾ ਜਾਂਦਾ ਹੈ ਅਤੇ ਬਾਅਦ ਵਿਚ ਕਰਜ਼ਾ ਲੈਣ ਵਾਲੇ ਮੁਲਾਜ਼ਮਾਂ ਨੂੰ ਖ਼ੁਦ ਹੀ ਅਸਿੱਧੇ ਢੰਗ ਨਾਲ ਪੇਸ਼ ਕਰਵਾ ਕੇ ਅਦਾਲਤਾਂ ਵਿਚ ਬਿਆਨ ਕਰਵਾਏ ਜਾਂਦੇ ਹਨ ਕਿ ਉਨ੍ਹਾਂ ਦੀਆਂ ਤਨਖ਼ਾਹਾਂ ਅਟੈਚ ਕਰਕੇ ਫਾਈਨਾਂਸਰਾਂ ਦੇ ਖਾਤੇ ਵਿਚ ਪਾ ਦਿੱਤੀ ਜਾਵੇ, ਜਿਸ ਦੇ ਚੱਲਦੇ ਹੋਏ ਸਰਗਰਮ ਫਾਈਨਾਂਸਰ ਮਾਫ਼ੀਏ ਵਲੋਂ ਪੰਜਾਬ ਭਰ ਵਿਚ ਅਜਿਹਾ ਗੋਰਖ ਧੰਦਾ ਚਲਾਇਆ ਜਾ ਰਿਹਾ ਹੈ। ਗੱਲਬਾਤ ਕਰਦਿਆਂ ਸ੍ਰੀ ਹਰਸ਼ ਕੁਮਾਰ ਨੇ ਦੱਸਿਆ ਕਿ ਸਬੰਧਿਤ ਜਿਸ ਵਿਚ ਪੁਲਿਸ ਦਫ਼ਤਰਾਂ ਦੇ ਤਨਖ਼ਾਹਾਂ ਬਣਾਉਣ ਅਤੇ ਰਿਲੀਜ਼ ਕਰਨ ਵਾਲੇ ਕੁਝ ਕਰਮਚਾਰੀ ਵੀ ਨਾਲ ਰਲੇ ਹੋਏ ਹਨ, ਅਦਾਲਤਾਂ ਵਿਚ ਬਿਆਨ ਹੋਣ ਤੋਂ ਬਾਅਦ ਜਦੋਂ ਤਨਖ਼ਾਹਾਂ ਅਟੈਚ ਹੋ ਜਾਂਦੀਆਂ ਹਨ ਤਾਂ ਸਬੰਧਿਤ ਮੁਲਾਜ਼ਮ ਦੀ ਤਨਖਾਹ ਦਾ ਵਧੇਰੇ ਹਿੱਸਾ ਫਾਈਨਾਂਸਰਾਂ ਦੇ ਖਾਤੇ ਵਿਚ ਪਾਇਆ ਜਾਂਦਾ ਹੈ ਇਹ ਜੋ ਵੀ ਲੈਣ—ਦੇਣ ਹੁੰਦਾ ਹੈ ਉਹ ਹਵਾਲੇ ਦੇ ਪੈਸੇਆ ਦਾ ਹੁਣ ਦਾ ਹੈ।

## ਹੁਸ਼ਿਆਰਪੁਰ ਜੇਲ੍ਹ 'ਚੋਂ ਮੁਲਜ਼ਮਾਂ ਨੂੰ ਪੇਸ਼ੀ 'ਤੇ ਲੈ ਕੇ ਜਾ ਰਹੇ ਦੋ ਥਾਣੇਦਾਰਾਂ ਦੀਆਂ ਮਿਲੀਆਂ ਲਾਸ਼ਾਂ

**ਆਦਮਪੁਰ, 8 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਆਦਮਪੁਰ ਦੇ ਖੁਰਦਪੁਰ ਰੇਲਵੇ ਸਟੇਸ਼ਨ ਵਿਖੇ 2 ਪੁਲਸ ਮੁਲਾਜ਼ਮਾਂ ਦੀਆਂ ਸ਼ੱਕੀ ਹਾਲਾਤ 'ਚ ਲਾਸ਼ਾਂ ਮਿਲੀਆਂ ਹਨ। ਰੇਲਵੇ ਸਟੇਸ਼ਨ ਮਾਸਟਰ ਨਰੇਸ਼ ਰਾਜੂ ਨੂੰ ਪਤਾ ਲੱਗਾ ਕਿ ਰੇਲਵੇ ਸਟੇਸ਼ਨ ਦੇ ਨਵੇਂ ਉਸਾਰੇ ਗਏ ਬਿਲਡਿੰਗ ਦੇ ਇਕ ਕਮਰੇ ਨੇੜੇ ਇਕ ਪੁਲਸ ਮੁਲਾਜ਼ਮ ਦੀ ਲਾਸ਼ ਪਈ ਹੋਈ ਸੀ, ਉਸ ਨੇ ਥੋੜ੍ਹਾ ਅੱਗੇ ਜਾ ਕੇ ਦੇਖਿਆ ਤਾਂ ਇਕ ਹੋਰ ਵਿਅਕਤੀ ਦੀ ਲਾਸ਼ ਸਾਹਮਣੇ ਦਿਸੀ। ਆਦਮਪੁਰ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਮੌਕੇ 'ਤੇ ਪਹੁੰਚੇ ਜੀ. ਆਰ. ਪੀ. ਥਾਣਾ ਜਲੰਧਰ ਦੇ ਐੱਸ. ਐੱਚ. ਓ. ਪਲਵਿੰਦਰ ਸਿੰਘ ਨੇ ਦੱਸਿਆ ਕਿ ਆਦਮਪੁਰ ਪੁਲਸ ਤੋਂ ਸੂਚਨਾ ਮਿਲਣ ਤੋਂ ਬਾਅਦ ਉਹ ਰੇਲਵੇ ਪੁਲਸ ਪਾਰਟੀ ਸਮੇਤ ਸਟੇਸ਼ਨ 'ਤੇ ਪਹੁੰਚੇ ਹਨ। ਉਨ੍ਹਾਂ ਦੱਸਿਆ ਕਿ ਇਹ ਦੋਵੇਂ ਪੁਲਸ ਮੁਲਾਜ਼ਮ ਜ਼ਿਲ੍ਹਾ ਹੁਸ਼ਿਆਰਪੁਰ 'ਚ ਡਿਊਟੀ ਦੇ ਰਹੇ ਸਨ, ਜਿਨ੍ਹਾਂ ਦੀ ਪਛਾਣ ਏ. ਐੱਸ. ਆਈ. ਪ੍ਰੀਤਮ ਦਾਸ ਅਤੇ ਏ. ਐੱਸ. ਆਈ. ਜੀਵਨ ਲਾਲ ਵਜੋਂ ਹੋਈ ਹੈ। ਸੂਤਰਾਂ ਅਨੁਸਾਰ ਅੱਜ ਇਹ ਕਿਸੇ 2 ਮੁਲਜ਼ਮਾਂ ਨੂੰ ਪੇਸ਼ੀ 'ਤੇ ਹੁਸ਼ਿਆਰਪੁਰ ਤੋਂ ਜਲੰਧਰ ਅਦਾਲਤ 'ਚ ਪੇਸ਼ ਕਰਵਾ ਕੇ ਵਾਪਸ ਜਾ ਰਹੇ ਸਨ ਤਾਂ ਆਦਮਪੁਰ ਵਿਖੇ ਇਕ ਮੁਲਜ਼ਮ, ਜੋ ਕਿ ਯੂਵੇਨਾਈਲ ਜੇਲ੍ਹ ਦਾ ਦੱਸਿਆ ਜਾ ਰਿਹਾ ਹੈ, ਇਨ੍ਹਾਂ ਨੂੰ ਚਕਮਾ ਦੇ ਕੇ ਫਰਾਰ ਹੋ ਗਿਆ। ਪੁਲਸ ਮੁਲਾਜ਼ਮਾਂ ਨੇ ਆਦਮਪੁਰ ਥਾਣੇ ਪਹੁੰਚ ਕੇ ਇਕ ਮੁਲਜ਼ਮ ਨੂੰ ਥਾਣੇ ਬਿਠਾ ਕੇ ਮੋਟਰਸਾਈਕਲ ਲੈ ਕੇ ਫਰਾਰ ਨੂੰ ਲੱਭਣ ਚਲੇ ਗਏ ਪਰ ਅਚਾਨਕ ਉਹ ਮੋਟਰਸਾਈਕਲ ਰੇਲਵੇ ਸਟੇਸ਼ਨ ਆਦਮਪੁਰ ਦੇ ਬਾਹਰ ਅਤੇ ਇਨ੍ਹਾਂ ਦੋਵਾਂ ਮੁਲਾਜ਼ਮਾਂ ਦੀਆਂ ਲਾਸ਼ਾਂ ਰੇਲਵੇ ਸਟੇਸ਼ਨ ਦੇ ਅੰਦਰ ਨਵੇਂ ਬਣ ਰਹੇ ਬਲਾਕ ਦੇ ਨੇੜਿਓਂ ਬਰਾਮਦ ਹੋਈਆਂ। ਅਜੇ ਤੱਕ ਇਹ ਭੇਦ ਬਣਿਆ ਹੋਇਆ ਹੈ ਕਿ ਆਖਿਰ ਇਨ੍ਹਾਂ ਦੀ ਮੌਤ ਕਿਵੇਂ ਹੋਈ।